ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 14 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੩੦ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243

## ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ

# ਸੁਖਬੀਰ ਸਿੰਘ ਬਾਦਲ ’ਤੇ ਹਮਲਾ, ਹਮਲਾਵਰ ਅੜਿੱਕੇ

**ਨਾਂਦੇੜ ਸਾਹਿਬ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਹਮਲਾ ਹੋਇਆ ਹੈ। ਇਹ ਘਟਨਾ ਮਹਾਰਾਸ਼ਟਰ ਦੇ ਨਾਂਦੇੜ ਵਿੱਚ ਸ਼ਹਿਰ ਦੇ ਨੇੜੇ ਮਾਤਾ ਸਾਹਿਬ ਗੁਰਦੁਆਰੇ ਵਿੱਚ ਵਾਪਰੀ। ਸੁਖਬੀਰ ਸਿੰਘ ਬਾਦਲ ਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਇਹ ਹਮਲਾ ਨਾਂਦੇੜ ਦੇ ਮਾਤਾ ਸਾਹਿਬ ਕੌਰ ਗੁਰਦੁਆਰੇ ਵਿੱਚ ਹੋਇਆ, ਜਿੱਥੇ ਇੱਕ ਨਿਹੰਗ ਹਮਲਾਵਰ ਨੇ ਉਨ੍ਹਾਂ ’ਤੇ ਤੇਜ਼ਧਾਰ ਹਥਿਆਰ ਨਾਲ ਵਾਰ ਕੀਤਾ। ਸੁਖਬੀਰ ਸਿੰਘ ਬਾਦਲ ਦੇ ਸੱਜੇ ਹੱਥ ਵਿੱਚ ਸੱਟ ਲੱਗੀ ਹੈ ਅਤੇ ਉਨ੍ਹਾਂ ਨੂੰ ਨਿੱਜੀ ਯਸ਼ੋਸਾਈ ਹਸਪਤਾਲ ਲਿਜਾਇਆ ਗਿਆ ਹੈ। ਪੁਲਿਸ ਨੇ ਇਸ ਘਟਨਾ ਦੇ ਸਬੰਧ ਵਿੱਚ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਹੈ। ਮਿਲੀ ਜਾਣਕਾਰੀ ਮੁਤਾਬਿਕ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨੇ ਸੁਖਬੀਰ ਸਿੰਘ ਬਾਦਲ ਦੇ ਹਮਲੇ ਦੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ। ਨਾਂਦੇੜ ਦੇ ਜ਼ਿਲ੍ਹਾ ਮੈਜਿਸਟਰੇਟ ਰਾਹੁਲ ਕਰਡੀਲੇ ਨੇ ਦੱਸਿਆ ਕਿ ਸੁਖਬੀਰ ਸਿੰਘ ਬਾਦਲ ਨਿੱਜੀ ਯਾਤਰਾ ’ਤੇ ਗੁਰਦੁਆਰੇ ਆ ਰਹੇ ਸਨ ਅਤੇ ਉਨ੍ਹਾਂ ਨੂੰ ਪ੍ਰੋਟੋਕੋਲ ਅਨੁਸਾਰ ਪੂਰੀ ਸੁਰੱਖਿਆ ਪ੍ਰਦਾਨ ਕੀਤੀ ਗਈ ਸੀ। ਅਚਾਨਕ, ਇੱਕ ਵਿਅਕਤੀ ਗੁਰਦੁਆਰੇ ਦੇ ਕੰਪਲੈਕਸ ਵਿੱਚ ਦਾਖਲ ਹੋਇਆ ਅਤੇ ਉਨ੍ਹਾਂ ’ਤੇ ਹਮਲਾ ਕਰ ਦਿੱਤਾ। ਸੁਖਬੀਰ ਸਿੰਘ ਬਾਦਲ ਨੂੰ ਮਾਮੂਲੀ ਸੱਟਾਂ ਲੱਗੀਆਂ। ਘਟਨਾ ਦੌਰਾਨ ਉਨ੍ਹਾਂ ਦੀ ਰੱਖਿਆ ਲਈ ਦਖਲ ਦੇਣ ਵਾਲੇ ਇੱਕ ਪੁਲਿਸ ਇੰਸਪੈਕਟਰ ਨੂੰ ਵੀ ਮਾਮੂਲੀ ਸੱਟਾਂ ਲੱਗੀਆਂ। ਹਮਲੇ ਤੋਂ ਬਾਅਦ ਹਸਪਤਾਲ ਪਹੁੰਚਣ ਵਾਲੇ ਸੁਖਬੀਰ ਸਿੰਘ ਬਾਦਲ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ। ਫੁਟੇਜ ਵਿੱਚ ਉਹ ਸੁਰੱਖਿਆ ਕਰਮਚਾਰੀਆਂ ਦੇ ਨਾਲ-ਨਾਲ ਹਸਪਤਾਲ ਵਿੱਚ ਦਾਖਲ ਹੁੰਦਾ ਦਿਖਾਈ ਦੇ ਰਿਹਾ ਹੈ, ਜਿਸਦੇ ਜ਼ਖਮੀ ਹੱਥ ਉੱਤੇ ਕੱਪੜਾ ਲਪੇਟਿਆ ਹੋਇਆ ਹੈ।

**ਸ੍ਰੀ ਹਜ਼ੂਰ ਸਾਹਿਬ ਵਿਖੇ ਸ. ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਐਡਵੋਕੇਟ ਧਾਮੀ ਨੇ ਕੀਤੀ ਸਖ਼ਤ ਸ਼ਬਦਾਂ ’ਚ ਨਿੰਦਾ** : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ’ਤੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਦਰਸ਼ਨ ਦੀਦਾਰ ਕਰਨ ਦੌਰਾਨ ਇਕ ਵਿਅਕਤੀ



ਵੱਲੋਂ ਹਮਲਾ ਕੀਤੇ ਜਾਣ ਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖਾਂ ਦੀ ਆਸਥਾ ਦੇ ਪ੍ਰਤੀਕ ਪਾਵਨ ਅਸਥਾਨ ’ਤੇ ਨੁਮਾਇੰਦਾ ਸਿੱਖ ਸਿਆਸੀ ਜਥੇਬੰਦੀ ਦੇ ਮੁਖੀ ’ਤੇ ਹਮਲਾ ਦੁਖਦਾਈ ਤੇ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਗੁਰੂ ਘਰ ਦਰਸ਼ਨਾਂ ਲਈ ਪਰਿਵਾਰ ਸਮੇਤ ਗਏ ਸ. ਬਾਦਲ ’ਤੇ ਹਮਲਾ ਕਰਨਾ ਜਿਥੇ ਪੰਥ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਹੈ, ਉਥੇ ਹੀ ਗੁਰੂ ਘਰ ਦੀ ਮਾਣ-ਮਰਯਾਦਾ ਦੀ ਸਿੱਧੇ ਤੌਰ ’ਤੇ ਤੌਹੀਨ ਹੈ। ਹਰ ਸਿੱਖ ਭਾਵਨਾ ਨਾਲ ਗੁਰੂ ਘਰ ਆਉਂਦਾ ਹੈ ਅਤੇ ਕਿਸੇ ਸ਼ਰਧਾਲੂ ’ਤੇ ਅਜਿਹਾ ਹਮਲਾ ਸਿੱਖ ਸ਼ਰਧਾ ਨੂੰ ਸਿੱਧੀ ਠੇਸ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਥ ਵਿਰੋਧੀ ਤਾਕਤਾਂ ਸਿੱਖਾਂ ਨੂੰ ਆਪਸ ਵਿਚ ਲੜਾ ਕੇ ਕੌਮ ਦੀ ਸ਼ਕਤੀ ਨੂੰ ਕਮਜ਼ੋਰ ਕਰਨਾ ਚਾਹੁੰਦੀਆਂ ਹਨ। ਅਜਿਹੇ ਮਨਸੂਬਿਆਂ ਲਈ ਹੀ ਅਜਿਹੀਆਂ ਕਾਰਵਾਈਆਂ ਹੋ ਰਹੀਆਂ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਗੁਰਦੁਆਰਾ ਸਾਹਿਬਾਨ ਦੀ ਪਵਿੱਤਰਤਾ ਅਤੇ ਮਰਯਾਦਾ ਸਮੁੱਚੇ ਸਿੱਖ ਪੰਥ ਲਈ ਸਰਵਉੱਚ ਹੈ ਅਤੇ ਗੁਰਦੁਆਰਾ ਸਾਹਿਬਾਨ ਵਿਖੇ ਵਾਪਰੀ ਅਜਿਹੀ

## ਮਹਾਰਾਸ਼ਟਰ ਦੇ ਮੁੱਖ ਮੰਤਰੀ ਨੇ ਦਿੱਤੇ ਜਾਂਚ ਦੇ ਹੁਕਮ

ਦੁਖਦਾਈ ਘਟਨਾ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਹੋ ਕੇ ਇਸ ਘਟਨਾ ਦੇ ਦੋਸ਼ੀ ਅਤੇ ਇਸ ਪਿੱਛੇ ਕੰਮ ਕਰਨ ਵਾਲੀਆਂ ਸ਼ਕਤੀਆਂ ਨੂੰ ਬੇਨਕਾਬ ਕੀਤਾ ਜਾਣਾ ਚਾਹੀਦਾ ਹੈ।

**ਕਾਂਗਰਸੀ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਕੀਤੀ ਨਿਖੇਧੀ** -ਕਾਂਗਰਸੀ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਵੀ ਐਕਸ ’ਤੇ ਕਿਹਾ ਕਿ ਗੁਰੂ ਦੀ ਸ਼ਰਨ ਵਿੱਚ ਆਏ ਕਿਸੇ ਵੀ ਵਿਅਕਤੀ ’ਤੇ ਹਮਲਾ ਬੇਹੱਦ ਨਿੰਦਣਯੋਗ ਅਤੇ ਅਸਵੀਕਾਰਯੋਗ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਮੈਂ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹਾਂ। ਗੁਰੂ ਘਰ ਸਾਨੂੰ ਸ਼ਾਂਤੀ, ਸਹਿਣਸ਼ੀਲਤਾ ਅਤੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦਾ ਹੈ, ਅਜਿਹੇ ਪਵਿੱਤਰ ਅਸਥਾਨ ਨਾਲ ਜੁੜੀ ਥਾਂ ’ਤੇ ਹਿੰਸਾ ਦੀ ਕੋਈ ਥਾਂ ਨਹੀਂ। ਵਾਹਿਗੁਰੂ ਜੀ ਅੱਗੇ ਉਨ੍ਹਾਂ ਦੀ ਜਲਦ ਸਿਹਤਯਾਬੀ ਅਤੇ ਚੜ੍ਹਦੀ ਕਲਾ ਲਈ ਅਰਦਾਸ ਕਰਦਾ ਹਾਂ।

**ਨਾਂਦੇੜ ਦੇ ਗੁਰਦੁਆਰਾ ਮਾਤਾ ਸਾਹਿਬ ਦੇਵਾਂ ’ਚ ਸੁਖਬੀਰ ਸਿੰਘ ਬਾਦਲ ’ਤੇ ਹੋਏ ਹਮਲੇ ਦੀ ਜਥੇਦਾਰ ਗਿਆਨੀ ਕੁਲਦੀਪ ਸਿੰਗ ਗੜਗੱਜ ਨੇ ਕੀਤੀ ਸਖ਼ਤ ਨਿੰਦਾ** : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉੱਤੇ ਨਾਂਦੇੜ ਵਿਖੇ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਦੇਵਾਂ ਜੀ ਦੇ ਕੰਪਲੈਕਸ ਅੰਦਰ ਹਮਲੇ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੁਨੀਆ ਤੋਂ ਸਿੱਖ ਸੰਗਤ ਗੁਰਦੁਆਰਾ ਸਾਹਿਬਾਨ ਵਿਖੇ



ਨਤਮਸਤਕ ਹੋਣ ਆਉਂਦੀ ਹੈ ਜਿੱਥੋਂ ਸਰਬੱਤ ਦੇ ਭਲੇ ਦਾ ਅਰਦਾਸ ਕੀਤੀ ਜਾਂਦੀ ਹੈ ਅਤੇ ਅਜਿਹੀ ਥਾਂ ਉੱਤੇ ਇਸ ਤਰ੍ਹਾਂ ਦੀ ਘਟਨਾ ਹੋਣੀ ਬਹੁਤ ਹੀ ਮੰਦਭਾਗਾ ਵਰਤਾਰਾ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਸਮੇਤ ਸ਼ਰਧਾਲੂ ਸਿੱਖ ਵਜੋਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਵਿਖੇ ਗੁਰਧਾਮਾਂ ਦੇ ਦਰਸ਼ਨਾਂ ਲਈ ਗਏ ਹੋਏ ਹਨ, ਜਿੱਥੇ ਤਖ਼ਤ ਸਾਹਿਬ ਦੇ ਸਿੰਘ ਸਾਹਿਬਾਨ ਵੱਲੋਂ ਅੱਜ ਸਵੇਰੇ ਉਨ੍ਹਾਂ ਨੂੰ ਪੂਰਾ ਮਾਣ ਸਤਿਕਾਰ ਬਖ਼ਸ਼ਿਆ ਗਿਆ, ਪਰੰਤੂ ਕਿਸੇ ਸ਼ਰਾਰਤੀ ਵਿਅਕਤੀ ਵੱਲੋਂ ਉਨ੍ਹਾਂ ਉੱਤੇ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਦੇਵਾਂ ਜੀ ਦੇ ਕੰਪਲੈਕਸ ਵਿੱਚ ਹਮਲਾ ਕਰਨਾ ਬਹੁਤ ਹੀ ਨਿੰਦਣਯੋਗ ਕਾਰਵਾਈ ਹੈ। ਉਨ੍ਹਾਂ ਕਿਹਾ ਕਿ ਅਜਿਹੀ ਘਟਨਾ ਨਾਲ ਜਿੱਥੇ ਗੁਰਦੁਆਰਾ ਸਾਹਿਬਾਨ ਦੇ ਮਾਣ ਸਤਿਕਾਰ ਨੂੰ ਠੇਸ ਪੁੱਜਦੀ ਹੈ ਉੱਥੇ ਹੀ ਸਮੁੱਚੀ ਸਿੱਖ ਕੌਮ ਦੇ ਅਕਸ ਨੂੰ ਭਾਰੀ ਸੱਟ ਵੱਜਦੀ ਹੈ। ਉਨ੍ਹਾਂ ਕਿਹਾ ਕਿ ਗੁਰੂ ਦਾ ਸੱਚਾ ਸਿੱਖ ਗੁਰਦੁਆਰਾ ਸਾਹਿਬ ਨਤਮਸਤਕ ਹੋਣ ਆਏ ਕਿਸੇ ਵੀ ਸਿੱਖ ਉੱਤੇ ਹਮਲਾ ਨਹੀਂ ਕਰ ਸਕਦਾ ਅਤੇ ਅਜਿਹਾ ਕਰਨ ਵਾਲਾ ਵਿਅਕਤੀ ਸਿੱਖ ਨਹੀਂ ਹੋ ਸਕਦਾ।

## ਲਾਲ ਕਿਲ੍ਹਾ ਧਮਾਕਾ ਮਾਮਲੇ ’ਚ

# ‘ਅਲ ਕਾਇਦਾ’ ਨੂੰ ਠਹਿਰਾਇਆ ਗਿਆ ਜ਼ਿੰਮੇਵਾਰ

**ਨਵੀਂ ਦਿੱਲੀ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਨਵੀਂ ਦਿੱਲੀ ’ਚ ਪਿਛਲੇ ਸਾਲ ਨਵੰਬਰ ’ਚ ਲਾਲ ਕਿਲ੍ਹੇ ’ਤੇ ਹੋਏ ਅੱਤਵਾਦੀ ਹਮਲੇ ਲਈ ’ਅਲ ਕਾਇਦਾ ਇਨ ਇੰਡੀਅਨ ਸਬਕਾਂਟਿਨੈਂਟ ਨੂੰ ਅਧਿਕਾਰਤ ਤੌਰ ’ਤੇ ਜ਼ਿੰਮੇਵਾਰ ਠਹਿਰਾਇਆ ਗਿਆ ਹੈ। ਅੱਤਵਾਦ



ਵਿਰੋਧੀ ਪਾਬੰਦੀਆਂ ਦੀ ਨਿਗਰਾਨੀ ਕਰਨ ਵਾਲੀ ਸੰਯੁਕਤ ਰਾਸ਼ਟਰ ਪ੍ਰੀਸ਼ਦ ਦੀ ਇਕ ਇਕਾਈ ਦੀ ਨਵੀਂ ਰਿਪੋਰਟ ’ਚ ਇਹ ਗੱਲ ਕਹੀ ਗਈ ਹੈ। ਨਵੀਂ ਦਿੱਲੀ ਦੇ ਲਾਲ ਕਿਲ੍ਹਾ ਇਲਾਕੇ ’ਚ ਹੋਏ ਭਿਆਨਕ ਧਮਾਕੇ ’ਚ ਕਰੀਬ 15 ਲੋਕਾਂ ਦੀ ਮੌਤ ਹੋ ਗਈ ਸੀ ਅਤੇ ਹੋਰ ਲੋਕ ਜ਼ਖ਼ਮੀ ਹੋਏ ਸਨ। ਲਾਲ ਕਿਲ੍ਹਾ ਮੈਟਰੋ ਸਟੇਸ਼ਨ ਦੇ ਨੇੜੇ ਇਕ ਟ੍ਰੈਫਿਕ ਸਿਗਨਲ ’ਤੇ ਹੌਲੀ ਗਤੀ ਨਾਲ ਚੱਲ ਰਹੀ ਇਕ ਕਾਰ ’ਚ ਧਮਾਕਾ ਹੋਇਆ। ਸੋਮਵਾਰ ਨੂੰ ਪ੍ਰਕਾਸ਼ਿਤ ਰਿਪੋਰਟ ’ਚ ਕਿਹਾ ਗਿਆ ਹੈ ਕਿ “AQIS“ ਨੇ ਬਿਖਰੇ ਹੋਏ ਸਮੂਹ ਤੋਂ ਖੇਤਰੀ ਅੱਤਵਾਦੀ ਸੰਗਠਨ ਵਜੋਂ ਖ਼ੁਦ ਨੂੰ ਵਿਕਸਿਤ ਕਰਨਾ ਜਾਰੀ ਰਖਿਆ।” ਇਸਲਾਮਿਕ ਸਟੇਟ ਇਨ ਇਰਾਕ ਐਂਡ ਲੇਵੈਂਟ (ISIL) ਅਤੇ ਅਲ-ਕਾਇਦਾ ਬਾਰੇ ਸੁਰੱਖਿਆ ਪ੍ਰੀਸ਼ਦ ਦੀ 1267 ਪਾਬੰਦੀਆਂ ਕਮੇਟੀ ਨੂੰ ਸੌਂਪੀ ਗਈ ਵਿਸ਼ਲੇਸ਼ਣਾਤਮਕ ਸਹਾਇਤਾ ਅਤੇ ਪਾਬੰਦੀਆਂ ਨਿਗਰਾਨੀ ਟੀਮ ਦੀ 38ਵੀਂ ਰਿਪੋਰਟ ’ਚ ਕਿਹਾ ਗਿਆ ਹੈ ਕਿ “AQIS ਨੇ ਲੌਜਿਸਟਿਕਲ ਅਤੇ ਵਿੱਤੀ ਨੈੱਟਵਰਕ ਸਥਾਪਿਤ ਕੀਤੇ ਅਤੇ ਵੱਡੇ ਸੰਗਠਨਾਂ ਦੀ ਬਜਾਏ ਵੱਖ-ਵੱਖ ਥਾਵਾਂ ’ਤੇ ਕੰਮ ਕਰਨ ਵਾਲੇ ਛੋਟੇ, ਅਲੱਗ-ਥਲੱਗ ਸਮੂਹਾਂ ਵਜੋਂ ਕੰਮ ਕੀਤਾ। ਨਵੰਬਰ 2025 ਵਿੱਚ ਦਿੱਲੀ ਦੇ ਲਾਲ ਕਿਲ੍ਹੇ ’ਤੇ ਹੋਏ ਹਮਲੇ ਲਈ “AQIS“ ਨੂੰ ਅਧਿਕਾਰਤ ਤੌਰ ’ਤੇ ਜ਼ਿੰਮੇਵਾਰ ਠਹਿਰਾਇਆ ਗਿਆ।” ਰਿਪੋਰਟ ’ਚ ਇਹ ਵੀ ਕਿਹਾ ਗਿਆ ਹੈ ਕਿ ““AQIS“ ਵੱਲੋਂ ਬੰਗਲਾਦੇਸ਼ ’ਚ ਸਥਿਤੀ ਦਾ ਫਾਇਦਾ ਉਠਾਉਣ ਲਈ ਉੱਥੇ ਆਪਣਾ ਸਮੂਹ ਸਥਾਪਤ ਕਰਨ ਦੀ ਕੋਸ਼ਿਸ਼ ਕਰਨ ਬਾਰੇ ਕੁਝ ਚਿੰਤਾ ਹੈ।” ਰਿਪੋਰਟ ’ਚ ਕਿਹਾ ਗਿਆ ਹੈ ਕਿ ਅਲ-ਕਾਇਦਾ ਅਤੇ ISIL (Daesh) ਨੇ ਕਈ ਸਾਲਾਂ ਤੋਂ ਰਸਾਇਣਕ ਅਤੇ ਜੈਵਿਕ ਹਥਿਆਰ ਵਿਕਸਤ ਕਰਨ ’ਚ ਲਗਾਤਾਰ ਦਿਲਚਸਪੀ ਦਿਖਾਈ ਹੈ ਪਰ ਹੁਣ ਤੱਕ ਸੰਬੰਧਿਤ ਤਕਨੀਕੀ ਚੁਣੌਤੀਆਂ ਨੂੰ ਦੂਰ ਕਰਨ ’ਚ ਨਾਕਾਮ ਰਹੇ ਹਨ। ਅਜਿਹੇ ਹਥਿਆਰ ਵਿਕਸਿਤ ਕਰਨ ਲਈ ਨਿਰਦੇਸ਼ ਅੱਤਵਾਦੀ ਸਮੂਹਾਂ ’ਚ ਵਿਆਪਕ ਤੌਰ ’ਤੇ ਆਨਲਾਈਨ ਸਾਂਝੇ ਕੀਤੇ ਗਏ ਹਨ। ਰਿਪੋਰਟ ’ਚ ਕਿਹਾ ਗਿਆ ਹੈ ਕਿ ਪਾਕਿਸਤਾਨ ਅਤੇ ਅਫਗਾਨਿਸਤਾਨ ਵਿਚਕਾਰ ਸਰਹੱਦ ਪਾਰ ਹਮਲੇ ਦੱਖਣੀ ਏਸ਼ੀਆ ’ਚ ਖੇਤਰੀ ਤਣਾਅ ਨੂੰ ਵਧਾਉਂਦੇ ਰਹਿੰਦੇ ਹਨ। ਤਾਲਿਬਾਨ ਨੇ ਲਗਾਤਾਰ ਜਨਤਕ ਤੌਰ ’ਤੇ ਕਿਸੇ ਵੀ ਅੱਤਵਾਦੀ ਸੰਗਠਨ ਨੂੰ ਪਨਾਹ ਦੇਣ ਤੋਂ ਇਨਕਾਰ ਕੀਤਾ ਹੈ।

# ਅੰਬਾਲਾ ’ਚ ਸਿੱਖ ਸੰਗਤ ’ਤੇ ਪੁਲਿਸ ਨੇ ਛੱਡੇ ਹੰਝੂ ਗੈਸ ਦੇ ਗੋਲੇ

## ਗੁਰਸਿਮਰਨ ਸਿੰਘ ਮੰਡ ਦੀ ਗ੍ਰਿਫ਼ਤਾਰੀ ਨੂੰ ਲੈ ਕੇ ਵੱਡਾ ਹੰਗਾਮਾ



**ਅੰਬਾਲਾ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜੋਖਰਾ ਸਾਹਿਬ ਮਾਮਲੇ ਨੂੰ ਲੈ ਕੇ ਸਿੱਖ ਭਾਈਚਾਰੇ ਦਾ ਗੁੱਸਾ ਲਗਾਤਾਰ ਵਧਦਾ ਜਾ ਰਿਹਾ ਹੈ। ਦੱਸ ਦਈਏਕਿ ਗੁਰਸਿਮਰਨ ਸਿੰਘ ਮੰਡ ਖਿਲਾਫ ਐਫਆਈਆਰ ਨਾ ਦਰਜ ਹੋਣ ਕਾਰਨ ਸਿੱਖ ਭਾਈਚਾਰੇ ਅੰਦਰ ਗੁੱਸੇ ਦੀ ਲਹਿਰ ਦੌੜ ਗਈ ਹੈ। ਇਸ ਦਾ ਵਿਰੋਧ ਕਰਨ ਲਈ ਅੱਜ ਪੰਜੋਖਰਾ ਸਾਹਿਬ ਗੁਰਦੁਆਰੇ ਵਿਖੇ ਵੱਡੀ ਗਿਣਤੀ ਵਿੱਚ ਸਿੱਖ ਇਕੱਠੇ ਹੋਏ। ਇਸ ਇੱਕਠ ਦੌਰਾਨ ਮਾਹੌਲ ਕਾਫੀ ਤਣਾਅਪੂਰਨ ਹੋ ਗਿਆ। ਦੱਸ ਦਈਏ ਕਿ ਅੰਬਾਲਾ ਦੇ ਪੰਜੋਖਰਾ ਸਾਹਿਬ ਗੁਰਦੁਆਰੇ ਵਿਖੇ ਸਿੱਖ ਭਾਈਚਾਰੇ ਅਤੇ ਪੁਲਿਸ ਵਿਚਕਾਰ ਗੱਲਬਾਤ ਅਸਫਲ ਹੋਣ ਤੋਂ ਬਾਅਦ, ਰੋਸ ਵਜੋਂ ਸਿੱਖ ਭਾਈਚਾਰੇ ਨੇ ਰਾਸ਼ਟਰੀ ਰਾਜਮਾਰਗ ਨੰਬਰ 1 ਵੱਲ ਮਾਰਚ ਕੀਤਾ। ਪੁਲਿਸ ਨੇ ਰਸਤੇ ਵਿੱਚ ਬੈਰੀਕੇਡ ਲਗਾ ਕੇ ਉਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ, ਪਰ ਸਿੱਖ ਭਾਈਚਾਰੇ ਨੇ ਬੈਰੀਕੇਡ ਤੋੜ ਦਿੱਤੇ। ਪੁਲਿਸ ਨੇ ਪੰਜੋਖਰਾ ਤੋਂ ਅੰਬਾਲਾ ਜਾਣ ਵਾਲੇ ਰਸਤੇ ‘ਤੇ ਹੋਰ ਬੈਰੀਕੇਡਾਂ ਅਤੇ ਪਾਣੀ ਦੀਆਂ ਤੋਪਾਂ ਦਾ ਪ੍ਰਬੰਧ ਕੀਤਾ ਹੋਇਆ ਸੀ। ਜਿਵੇਂ ਹੀ ਸਿੱਖ ਸੰਗਤ ਅੱਗੇ ਵਧੀ ਤਾਂ ਉਨ੍ਹਾਂ ’ਤੇ ਪਾਣੀ ਦੀਆਂ ਬੁਛਾੜਾਂ ਮਾਰੀਆਂ ਗਈਆਂ। ਕਾਬਿਲੇਗੌਰ ਹੈ ਕਿ ਸਿੱਖ ਭਾਈਚਾਰੇ ਨੇ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਸੀ ਕਿ ਜੇਕਰ 13 ਅਗਸਤ ਤੱਕ ਮੰਡ ਖਿਲਾਫ ਕੇਸ ਦਰਜ ਨਹੀਂ ਕੀਤਾ ਗਿਆ ਤਾਂ ਹਰਿਆਣਾ, ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਸਿੱਖ ਇਕੱਠੇ ਹੋ ਕੇ ਫੈਸਲਾਕੁੰਨ ਕਾਰਵਾਈ ਕਰਨਗੇ।

# ਪੰਜਾਬ ਐਸਆਈਰ ਦੀ ਡਰਾਫਟ ਵੋਟਰ ਲਿਸਟ ਜਾਰੀ

**ਚੰਡੀਗੜ੍ਹ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਚੋਣ ਕਮਿਸ਼ਨ ਵਲੋਂ ਪੰਜਾਬ ’ਚ ਕਰਵਾਈ ਜਾ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐਸਆਈਰ) ਦੌਰਾਨ ਵੋਟਰ ਸੂਚੀ ਦਾ ਖਰੜਾ ਜਾਰੀ ਕੀਤਾ ਗਿਆ ਹੈ। ਭਾਰਤੀ ਚੋਣ ਕਮਿਸ਼ਨ ਦੇ ਨਿਯਮਾਂ ਮੁਤਾਬਕ 13 ਅਗਸਤ ਨੂੰ ਵੋਟਰ ਸੂਚੀ ਦਾ ਖਰੜਾ ਜਾਰੀ ਹੋਣ ਤੋਂ ਬਾਅਦ ਵੋਟਰਾਂ ਵਲੋਂ 12 ਸਤੰਬਰ ਤੱਕ ਆਪਣੇ ਇਤਰਾਜ਼ ਜਾਂ ਦਾਅਵੇ ਪੇਸ਼ ਕੀਤੇ ਜਾਣਗੇ, ਜਿਨ੍ਹਾਂ ਨੂੰ ਚੋਣ ਅਧਿਕਾਰੀਆਂ ਵਲੋਂ



ਵਿਚਾਰਿਆ ਜਾਵੇਗਾ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵਲੋਂ 12 ਅਕਤੂਬਰ ਨੂੰ ਅੰਤਿਮ ਵੋਟਰ ਸੂਚੀ ਜਾਰੀ ਕੀਤੀ ਜਾਵੇਗੀ। ਹੁਣ ਐੱਸ. ਆਈ. ਆਰ. ਦਾ ਦੂਜਾ ਦੌਰ ਸ਼ੁਰੂ ਹੋ ਗਿਆ ਹੈ। ਚੋਣ ਕਮਿਸ਼ਨ ਨੇ ਡਰਾਫਟ ਵੋਟਰ ਸੂਚੀ 2026 ਜਾਰੀ ਕਰ ਦਿੱਤੀ ਹੈ। ਤੁਸੀਂ ਘਰ ਬੈਠੇ ਜਾਂਚ ਕਰ ਸਕਦੇ ਹੋ ਕਿ ਤੁਹਾਡਾ ਨਾਂ ਨਵੀਂ ਡਰਾਫਟ ਵੋਟਰ ਸੂਚੀ ’ਚ ਹੈ ਜਾਂ ਨਹੀਂ। ਤੁਸੀਂ ਇਹ ਵੀ ਪਤਾ ਲਗਾ ਸਕਦੇ ਹੋ ਕਿ ਐਸਆਈਆਰ ਪ੍ਰਕਿਰਿਆ ਦੌਰਾਨ ਤੁਹਾਡਾ ਨਾਮ ਵੋਟਰ ਸੂਚੀ ’ਚੋਂ ਹਟਾ ਦਿੱਤਾ ਗਿਆ ਹੈ ਜਾਂ ਨਹੀਂ।

**ਇੰਝ ਚੈੱਕ ਕਰ ਸਕਦੇ ਹੋ ਡਰਾਫਟ ਸੂਚੀ**-ਡਰਾਫਟ ਵੋਟਰ ਸੂਚੀ ਦੀ ਜਾਂਚ ਕਰਨ ਲਈ ਸੀ. ਈ. ਓ. ਪੰਜਾਬ ਦੀ ਅਧਿਕਾਰਤ ਵੈੱਬਸਾਈਟ, www.ceopunjab.gov.in ’ਤੇ ਜਾਓ। ਵੈੱਬਸਾਈਟ ਦੇ ਹੋਮ ਪੇਜ ’ਤੇ ਐੱਸ. ਆਈ. ਆਰ. ਨਾਲ ਸਬੰਧਿਤ ਤਿੰਨ ਮਹੱਤਵਪੂਰਨ ਲਿੰਕ ਦਿੱਤੇ ਗਏ ਹਨ।

1. **ASDD ਲਿਸਟ** : ਇਸ ’ਚ ਉਨ੍ਹਾਂ ਲੋਕਾਂ ਬਾਰੇ ਜਾਣਕਾਰੀ ਹੁੰਦੀ ਹੈ, ਜਿਨ੍ਹਾਂ ਦੇ ਨਾਮ ਵੋਟਰ ਸੂਚੀ ਵਿੱਚੋਂ ਹਟਾ ਦਿੱਤੇ ਗਏ ਹਨ।
2. **ਡਰਾਫਟ ਰੋਲ 2026** : ਇਸ ਵਿੱਚ ਡਰਾਫਟ ਵੋਟਰ ਸੂਚੀ ’ਚ ਸ਼ਾਮਲ ਵੋਟਰਾਂ ਦੇ ਨਾਮ ਦੇਖੇ ਜਾ ਸਕਦੇ ਹਨ।
3. **ਸਰਚ ਲਿਸਟ ਐਸਆਈਆਰ** 2003 : ਇਸ ਵਿੱਚ 2003 ਦੀ ਪੁਰਾਣੀ ਵੋਟਰ ਸੂਚੀ ਵਿੱਚ ਨਾਮ ਖੋਜਿਆ ਜਾ ਸਕਦਾ ਹੈ।

**ਇਸ ਤਰ੍ਹਾਂ ਚੈੱਕ ਕਰੋ ਨਾਮ**-ਜੇਕਰ ਤੁਸੀਂ ਇਹ ਦੇਖਣਾ ਚਾਹੁੰਦੇ ਹੋ ਕਿ ਤੁਹਾਡਾ ਨਾਮ ਡਰਾਫਟ ਵੋਟਰ ਸੂਚੀ ’ਚ ਹੈ ਜਾਂ ਨਹੀਂ ਤਾਂ ਸੀ. ਈ. ਓ. ਪੰਜਾਬ ਦੀ ਵੈੱਬਸਾਈਟ www.ceopunjab.gov.in ਖੋਲ੍ਹੋ।

ਹੋਮ ਪੇਜ ’ਤੇ ਡਰਾਫਟ ਰੋਲ 2026 ’ਤੇ ਕਲਿੱਕ ਕਰੋ।

ਆਪਣਾ ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਚੁਣੋ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਪੰਥਕ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

### ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV





ਅਕਾਲ ਯੂਨੀਵਰਸਿਟੀ ਵੱਲੋਂ 'ਨਸ਼ਾ ਮੁਕਤੀ' ਵਿਸ਼ੇ 'ਤੇ ਅਧਾਰਿਤ

# ਜਾਗਰੂਕਤਾ ਵੈਬੀਨਾਰ ਦਾ ਆਯੋਜਨ

ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਫਿਜ਼ੀਓਥੈਰੇਪੀ ਵਿਭਾਗ ਵੱਲੋਂ ਨਸ਼ਿਆਂ ਦੀ ਵੱਧ ਰਹੀ ਗੰਭੀਰ ਸਮੱਸਿਆ ਵਿਰੁੱਧ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਨਸ਼ਾ ਮੁਕਤੀ ਦੇ ਵਿਸ਼ੇ 'ਤੇ ਇੱਕ ਪ੍ਰਭਾਵਸ਼ਾਲੀ ਆਨਲਾਈਨ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਗੂਗਲ ਮੀਟ ਪਲੇਟਫਾਰਮ ਰਾਹੀਂ ਕਰਵਾਏ ਗਏ ਇਸ ਵੈਬੀਨਾਰ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀਆਂ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਅਤੇ ਇਲਾਕੇ ਦੇ ਨਿਵਾਸੀਆਂ ਸਮੇਤ 59 ਤੋਂ ਵੱਧ ਭਾਗੀਦਾਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਹ ਸਮੁੱਚਾ ਪ੍ਰੋਗਰਾਮ ਵਿਭਾਗ ਦੇ ਕੋਆਰਡੀਨੇਟਰਾਂ ਡਾ. ਨਵਜੋਤ ਕੌਰ , ਡਾ. ਰੀਤੂ ਅਤੇ ਡਾ. ਅਮਨਦੀਪ ਸਿੰਘ ਦੀ ਯੋਗ ਦੇਖ-ਰੇਖ ਹੇਠ ਚਲਾਇਆ ਗਿਆ, ਜਿਸ ਵਿੱਚ ਵਿਭਾਗੀ ਵਿਦਿਆਰਥੀਆਂ ਨੇ ਮੁੱਖ ਬੁਲਾਰਿਆਂ ਵਜੋਂ ਆਪਣੀ ਸਰਗਰਮ ਭੂਮਿਕਾ ਨਿਭਾਈ। ਪ੍ਰੋਗਰਾਮ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸਿਹਤਮੰਦ ਤੇ ਨਸ਼ਾ-ਮੁਕਤ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨਾ ਸੀ। ਪ੍ਰੋਗਰਾਮ ਦੌਰਾਨ ਵਿਸ਼ੇਸ਼ ਤੌਰ 'ਤੇ ਨੌਜਵਾਨ ਪੀੜ੍ਹੀ ਵਿੱਚ ਵਧ ਰਹੀ ਨਸ਼ਾਖੋਰੀ ਦੀ ਪ੍ਰਵਿਰਤੀ 'ਤੇ ਚਿੰਤਾ ਪ੍ਰਗਟਾਈ ਗਈ। ਬੁਲਾਰਿਆਂ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਦੀ ਭੈੜੀ ਅਲਾਮਤ ਨੂੰ ਜੜ੍ਹੋਂ ਪੁੱਟਣ ਲਈ ਕੇਵਲ ਸਰਕਾਰਾਂ ਜਾਂ ਪ੍ਰਸ਼ਾਸਨ ਹੀ ਨਹੀਂ, ਸਗੋਂ ਵਿਦਿਅਕ ਅਦਾਰਿਆਂ, ਪਰਿਵਾਰਾਂ, ਸਿਹਤ ਮਾਹਰਾਂ ਅਤੇ ਸਮੁੱਚੇ ਸਮਾਜ ਨੂੰ ਇੱਕਜੁੱਟ ਹੋ ਕੇ ਜ਼ਿੰਮੇਵਾਰੀ ਨਿਭਾਉਣੀ ਪਵੇਗੀ। ਜਾਗਰੂਕਤਾ ਸੈਸ਼ਨ ਦੌਰਾਨ ਵੱਖ-ਵੱਖ ਤਰ੍ਹਾਂ ਦੇ ਨਸ਼ੀਲੇ ਪਦਾਰਥਾਂ ਦੇ ਸਰੀਰਕ, ਮਾਨਸਿਕ, ਸਮਾਜਿਕ ਅਤੇ ਆਰਥਿਕ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।




ਮਾਹਰਾਂ ਨੇ ਦੱਸਿਆ ਕਿ ਨਸ਼ਾ ਨਾ ਕੇਵਲ ਵਿਅਕਤੀ ਦੀ ਸਿਹਤ ਨੂੰ ਤਬਾਹ ਕਰਦਾ ਹੈ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਦੀ ਸ਼ਾਂਤੀ ਨੂੰ ਵੀ ਭੰਗ ਕਰਦਾ ਹੈ। ਨਸ਼ੇ ਦੇ ਸ਼ੁਰੂਆਤੀ ਲੱਛਣਾਂ, ਬਚਾਅ ਦੇ ਉਪਾਵਾਂ ਅਤੇ ਸਮੇਂ ਸਿਰ ਕਾਊਂਸਲਿੰਗ ਦੀ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸੈਸ਼ਨ ਦੌਰਾਨ ਫਿਜ਼ੀਓਥੈਰੇਪਿਸਟਾਂ ਅਤੇ ਸਿਹਤ ਸੰਭਾਲ ਮਾਹਰਾਂ ਦੀ ਭੂਮਿਕਾ 'ਤੇ ਚਾਨਣਾ ਪਾਉਂਦਿਆਂ ਦੱਸਿਆ ਗਿਆ ਕਿ ਉਹ ਨਸ਼ਾ ਮੁਕਤੀ ਅਭਿਆਨਾਂ ਅਤੇ ਮਾਨਸਿਕ ਤਣਾਅ ਨੂੰ ਘਟਾਉਣ ਵਿੱਚ ਕਿਵੇਂ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ। ਭਾਗੀਦਾਰਾਂ ਨੂੰ ਖੇਡਾਂ, ਨਿਯਮਿਤ ਕਸਰਤ ਅਤੇ ਸਕਾਰਾਤਮਕ ਗਤੀਵਿਧੀਆਂ ਨਾਲ ਜੁੜਨ ਲਈ ਉਤਸ਼ਾਹਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਇੱਕ ਖੁੱਲ੍ਹਾ ਵਿਚਾਰ ਵਟਾਂਦਰਾ ਸੈਸ਼ਨ ਵੀ ਆਯੋਜਿਤ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਥਾਨਕ ਲੋਕਾਂ ਨੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਸਾਥੀਆਂ ਦੇ ਦਬਾਅ ਅਤੇ ਇਸ ਤੋਂ ਬਚਣ ਦੇ ਤਰੀਕਿਆਂ ਬਾਰੇ ਆਪਣੇ ਸਵਾਲ ਪੁੱਛੇ। ਬੁਲਾਰਿਆਂ ਨੇ ਭਾਗੀਦਾਰਾਂ ਦੇ ਸ਼ੰਕਿਆਂ ਦਾ ਨਿਵਾਰਨ ਕੀਤਾ। ਪ੍ਰੋਗਰਾਮ ਦਾ ਸਮਾਪਨ ਸਾਰਿਆਂ ਵੱਲੋਂ ਨਸ਼ਾਮੁਕਤ ਅਤੇ ਨਰੋਏ ਸਮਾਜ ਦੇ ਨਿਰਮਾਣ ਲਈ ਲਏ ਗਏ ਸਮੂਹਿਕ ਪ੍ਰਣ ਨਾਲ ਹੋਇਆ, ਜਿਸ ਉਪਰੰਤ ਫਿਜ਼ੀਓਥੈਰੇਪੀ ਵਿਭਾਗ ਨੇ ਸਾਰੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੁਖਬੀਰ ਬਾਦਲ 'ਤੇ ਹਮਲਾ: ਫਾਲਸ ਫਲੈਗ ਜਾਂ ਲੋਨ ਵੁਲਫ ? ਹਰ ਪੱਖ ਤੋਂ ਡੂੰਘੀ ਜਾਂਚ ਦੀ ਲੋੜ: ਭਾਈ ਰਤਿੰਦਰ ਸਿੰਘ ਇੰਦੌਰ

**ਨਵੀਂ ਦਿੱਲੀ, 13 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਅੱਜ ਅਬਚਲ ਨਗਰ ਨਾਂਦੇੜ ਦੇ ਗੁਰਦੁਆਰਾ ਮਾਤਾ ਸਾਹਿਬ ਕੌਰ ਜੀ ਵਿਖੇ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਨੂੰ ਮਹਿਜ਼ ਇੱਕ ਆਮ ਘਟਨਾ ਸਮਝ ਕੇ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਇਸ ਘਟਨਾ ਦੀ ਗਹਿਰੀ, ਨਿਰਪੱਖ ਅਤੇ ਉੱਚ ਪੱਧਰੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਸਵਾਲ ਕੀਤਾ ਕਿ ਅੰਤਰਰਾਸ਼ਟਰੀ ਸ਼ਬਦਾਵਲੀ ਵਿੱਚ ਵਰਤੇ ਜਾਂਦੇ 'ਫਾਲਸ ਫਲੈਗ ਅਟੈਕ' ਦੀ ਸੰਭਾਵਨਾ ਨੂੰ ਵੀ ਜਾਂਚ ਦਾ ਹਿੱਸਾ ਬਣਾਇਆ ਗਿਆ ਹੈ ਜਾਂ ਨਹੀਂ ? ਕੀ ਇਹ ਕਿਸੇ ਖਾਸ ਸਿਆਸੀ ਜਾਂ ਹੋਰ ਮਕਸਦ ਲਈ ਰਚੀ ਗਈ ਘਟਨਾ ਹੋ ਸਕਦੀ ਹੈ ਜਾਂ ਇਹ ਸੱਚਮੁੱਚ ਕਿਸੇ ਇਕੱਲੇ ਵਿਅਕਤੀ ਦਾ 'ਲੋਨ ਵੁਲਫ ਅਟੈਕ' ਹੈ ? ਹਮਲਾਵਰ ਦੀ ਪਿਛੋਕੜ, ਉਸ ਦੇ ਸੰਪਰਕਾਂ, ਹਮਲੇ ਤੋਂ ਪਹਿਲਾਂ ਦੀਆਂ ਗਤੀਵਿਧੀਆਂ ਅਤੇ ਘਟਨਾ ਪਿੱਛੇ ਸੰਭਾਵਿਤ ਪ੍ਰੇਰਣਾ ਦੀ ਪੂਰੀ ਜਾਂਚ ਕੀਤੇ ਬਿਨਾਂ ਕਿਸੇ ਨਤੀਜੇ 'ਤੇ ਪਹੁੰਚਣਾ ਜਲਦਬਾਜ਼ੀ ਹੋਵੇਗੀ। ਭਾਈ ਰਤਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਪਿਛਲੇ ਦਿਨੀਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਮਹਾਰਾਸ਼ਟਰ ਪੁਲਿਸ ਵੱਲੋਂ ਕਿਰਪਾਨਾਂ ਜ਼ਬਤ ਕਰਨ ਅਤੇ ਕਿਰਪਾਨ ਧਾਰਨ ਸਬੰਧੀ ਪੈਦਾ ਹੋਏ ਵਿਵਾਦ ਦੇ ਸੰਦਰਭ ਵਿੱਚ ਵੀ ਇਸ ਘਟਨਾ ਨੂੰ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਸਵਾਲ ਕੀਤਾ ਕਿ ਕਿਤੇ ਇਹ ਹਮਲਾ ਕਿਰਪਾਨਾਂ ਸਬੰਧੀ ਕੀਤੀ ਗਈ ਕਾਰਵਾਈ ਨੂੰ ਜਾਇਜ਼ ਠਹਿਰਾਉਣ ਜਾਂ ਸਿੱਖਾਂ ਦੇ ਧਾਰਮਿਕ ਅਧਿਕਾਰਾਂ ਬਾਰੇ ਨਵਾਂ ਮਾਹੌਲ ਬਣਾਉਣ ਲਈ ਤਾਂ ਨਹੀਂ ਕਰਵਾਇਆ ਗਿਆ ? ਕੀ ਘਟਨਾ ਤੋਂ ਪਹਿਲਾਂ ਅਤੇ ਬਾਅਦ ਦੀਆਂ ਸਾਰੀਆਂ ਗਤੀਵਿਧੀਆਂ ਦੀ ਜਾਂਚ ਹੋਵੇਗੀ ? ਕੀ ਇਹ ਪਤਾ ਲਗਾਇਆ ਜਾਵੇਗਾ ਕਿ ਹਮਲਾਵਰ ਨੂੰ ਮੌਕੇ, ਨਿਸ਼ਾਨੇ ਅਤੇ ਸੁਰੱਖਿਆ ਪ੍ਰਬੰਧਾਂ ਬਾਰੇ ਕੋਈ ਜਾਣਕਾਰੀ ਸੀ ਜਾਂ ਨਹੀਂ ? ਉਨ੍ਹਾਂ ਕਿਹਾ ਕਿ ਬਿਨਾਂ ਸਬੂਤ ਕਿਸੇ ਵਿਅਕਤੀ ਜਾਂ ਸੰਸਥਾ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ, ਪਰ ਹਰ ਸੰਭਾਵਿਤ ਪੱਖ ਦੀ ਜਾਂਚ ਤੋਂ ਡਰਨਾ ਵੀ ਨਿਰਪੱਖ ਜਾਂਚ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਚੱਲ ਰਿਹਾ ਸੁਖਬੀਰ ਸਿੰਘ ਬਾਦਲ ਅਤੇ ਪੰਜਾਬ ਸਰਕਾਰ ਵਿਚਕਾਰ ਸਿਆਸੀ ਵਾਦ-ਵਿਵਾਦ, ਆਉਣ ਵਾਲੀਆਂ ਚੋਣਾਂ ਦਾ ਮਾਹੌਲ ਅਤੇ ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਵਿਚਕਾਰ ਮੁੜ ਸਿਆਸੀ ਸਾਂਝ ਦੀਆਂ ਚਰਚਾਵਾਂ ਦੇ ਦੌਰ ਵਿੱਚ ਇਸ ਘਟਨਾ ਨੂੰ ਹੋਰ ਵੀ ਗੰਭੀਰਤਾ ਨਾਲ ਦੇਖਣ ਦੀ ਲੋੜ ਹੈ। ਭਾਈ ਇੰਦੌਰ ਨੇ ਸਵਾਲ ਕੀਤਾ ਕਿ ਕੀ ਕੋਈ ਤਾਕਤ ਪੰਜਾਬ ਦੀ ਸਿਆਸਤ ਵਿੱਚ ਨਵਾਂ ਤਣਾਅ ਪੈਦਾ ਕਰਕੇ ਸਿਆਸੀ ਸਮੀਕਰਨਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਤਾਂ ਨਹੀਂ ਕਰ ਰਹੀ ? ਕੀ ਇਸ ਘਟਨਾ ਦਾ ਮਕਸਦ ਪੰਜਾਬ ਦੇ ਅਮਨ-ਕਾਨੂੰਨ ਅਤੇ ਸਿੱਖ ਸੰਗਤ ਦੇ ਮਨ ਵਿੱਚ ਡਰ ਜਾਂ ਬੇਚੈਨੀ ਪੈਦਾ ਕਰਨਾ ਤਾਂ ਨਹੀਂ ? ਉਨ੍ਹਾਂ ਕਿਹਾ ਕਿ ਜਾਂਚ ਸਿਰਫ਼ ਹਮਲਾਵਰ ਨੂੰ ਫੜਨ ਤੱਕ ਸੀਮਤ ਨਾ ਰਹੇ, ਸਗੋਂ ਇਹ ਵੀ ਪਤਾ ਲਗਾਇਆ ਜਾਵੇ ਕਿ ਹਮਲੇ ਦੀ ਪ੍ਰੇਰਣਾ ਕੀ ਸੀ, ਇਸ ਤੋਂ ਲਾਭ ਕਿਸ ਨੂੰ ਹੋ ਸਕਦਾ ਹੈ ਅਤੇ ਇਸ ਦੇ ਪਿੱਛੇ ਕੋਈ ਸੰਗਠਿਤ ਸਾਜ਼ਿਸ਼ ਤਾਂ ਨਹੀਂ। ਸਿੱਖ ਸੰਗਤਾਂ ਅਤੇ ਜਾਂਚ ਏਜੰਸੀਆਂ ਨੂੰ ਇਸ ਘਟਨਾ ਨੂੰ ਬੇਹੱਦ ਗੰਭੀਰਤਾ ਨਾਲ ਲੈਂਦਿਆਂ ਹਰ ਕੜੀ ਦੀ ਜਾਂਚ ਕਰਨੀ ਚਾਹੀਦੀ ਹੈ ਤਾਂ ਜੋ ਸੱਚ ਸਾਹਮਣੇ ਆ ਸਕੇ ਅਤੇ ਪੰਜਾਬ ਦੇ ਸ਼ਾਂਤ ਮਾਹੌਲ ਨੂੰ ਕਿਸੇ ਵੀ ਤਾਕਤ ਵੱਲੋਂ ਵਿਗਾੜਨ ਦੀ ਕੋਸ਼ਿਸ਼ ਨਾਕਾਮ ਬਣਾਈ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

## ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ

(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ
ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।



ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM
International Newspaper & WEB TV

### ਸਿਹਤ ਸੇਵਾਵਾਂ ਨੂੰ ਮਜ਼ਬੂਤ ਬਣਾਉਣ ਵਿੱਚ

# ਐਚਐਮਈਐਲ ਦੇ ਯੋਗਦਾਨ ਨੂੰ ਏਮਜ਼ ਬਠਿੰਡਾ ਵੱਲੋਂ ਸਨਮਾਨ







### 59 ਪਿੰਡਾਂ ਵਿੱਚ ਮੋਬਾਈਲ ਮੈਡੀਕਲ ਯੂਨਿਟ, ਟੈਲੀਮੈਡੀਸਨ, ਕ੍ਰਿਟੀਕਲ ਕੇਅਰ, ਇਨਸੁਲਿਨ ਸਹਾਇਤਾ ਅਤੇ ਸਿਹਤ ਜਾਗਰੂਕਤਾ ਵਰਗੀਆਂ ਪਹਿਲਕਦਮੀਆਂ ਦਾ ਲੋੜਵੰਦਾਂ ਨੂੰ ਮਿਲ ਰਿਹਾ ਲਾਭ

**ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)**-ਆਸ-ਪਾਸ ਦੇ ਭਾਈਚਾਰਿਆਂ ਤੱਕ ਗੁਣਵੱਤਾਪੂਰਨ ਅਤੇ ਪਹੁੰਚਯੋਗ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਐਚਐਮਈਐਲ ਵੱਲੋਂ ਕੀਤੀਆਂ ਜਾ ਰਹੀਆਂ ਲਗਾਤਾਰ ਪਹਿਲਕਦਮੀਆਂ ਨੂੰ ਮਾਨਤਾ ਦਿੰਦਿਆਂ ਏਮਜ਼ ਬਠਿੰਡਾ ਵੱਲੋਂ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਕਰਵਾਇਆ ਗਿਆ। ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਦੇ ਸੱਦੇ 'ਤੇ ਐਚਐਮਈਐਲ ਦੇ ਮੁੱਖ ਸੰਚਾਲਨ ਅਧਿਕਾਰੀ ਸ਼੍ਰੀ ਐਮ.ਬੀ. ਗੋਹਿਲ ਦੀ ਅਗਵਾਈ ਹੇਠ ਐਚਐਮਈਐਲ ਦੀ ਟੀਮ ਨੇ ਸਮਾਰੋਹ ਵਿੱਚ ਸ਼ਿਰਕਤ ਕੀਤੀ। ਟੀਮ ਵਿੱਚ ਮੁੱਖ ਮੈਡੀਕਲ ਅਧਿਕਾਰੀ ਡਾ. ਪ੍ਰਵੀਣ ਮੁਦਗਲ ਅਤੇ ਸੀਐੱਸਆਰ ਦੇ ਡੀ ਜੀਐਮ ਸ਼੍ਰੀ ਵਿਸ਼ਵ ਮੋਹਨ ਪ੍ਰਸਾਦ ਸਮੇਤ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਸਨ। ਸਮਾਰੋਹ ਦੌਰਾਨ ਏਮਜ਼ ਬਠਿੰਡਾ ਦੇ ਪ੍ਰਬੰਧਨ ਅਤੇ ਸੀਨੀਅਰ ਡਾਕਟਰਾਂ ਨੇ ਸਿਹਤ ਖੇਤਰ ਵਿੱਚ ਐਚਐਮਈਐਲ ਦੇ ਲਗਾਤਾਰ ਸਹਿਯੋਗ ਅਤੇ ਭਾਈਚਾਰਾ-ਕੇਂਦਰਿਤ ਪਹਿਲਕਦਮੀਆਂ ਦੀ ਸ਼ਲਾਘਾ ਕਰਦਿਆਂ ਐਚਐਮਈਐਲ ਟੀਮ ਨੂੰ ਸਨਮਾਨਿਤ ਕੀਤਾ। ਇਹ ਸਨਮਾਨ ਆਸ-ਪਾਸ ਦੇ ਭਾਈਚਾਰਿਆਂ ਲਈ ਕਿਫਾਇਤੀ, ਪਹੁੰਚਯੋਗ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਨੂੰ ਮਜ਼ਬੂਤ ਕਰਨ ਵਿੱਚ ਐਚਐਮਈਐਲ ਦੇ ਯੋਗਦਾਨ ਲਈ ਏਮਜ਼ ਵੱਲੋਂ ਕੀਤੀ ਗਈ ਸਰਾਹਨਾ ਨੂੰ ਦਰਸਾਉਂਦਾ ਹੈ। ਸਮਾਗਮ ਦੀ ਸ਼ੁਰੂਆਤ ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸੀਨੀਅਰ ਪ੍ਰਬੰਧਨ ਟੀਮ ਵੱਲੋਂ ਐਚਐਮਈਐਲ ਦੇ ਵਫ਼ਦ ਦੇ ਨਿੱਘੇ ਸਵਾਗਤ ਨਾਲ ਹੋਈ। ਇਸ ਤੋਂ ਬਾਅਦ ਇੱਕ ਆਡੀਓ-ਵਿਜ਼ੂਅਲ ਪੇਸ਼ਕਾਰੀ ਰਾਹੀਂ ਐਚਐਮਈਐਲ ਵੱਲੋਂ ਸਹਿਯੋਗ ਪ੍ਰਾਪਤ ਮੋਬਾਈਲ ਮੈਡੀਕਲ ਯੂਨਿਟ ਅਤੇ ਟੈਲੀਮੈਡੀਸਨ ਪ੍ਰੋਜੈਕਟ ਬਾਰੇ ਜਾਣਕਾਰੀ ਦਿੱਤੀ ਗਈ। ਇਹ ਸੇਵਾਵਾਂ ਆਸ-ਪਾਸ ਦੇ 59 ਪਿੰਡਾਂ ਵਿੱਚ ਲੋੜਵੰਦ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਪੇਸ਼ਕਾਰੀ ਦੌਰਾਨ ਲਾਭਪਾਤਰੀਆਂ ਦੇ ਤਜਰਬੇ ਵੀ ਸਾਂਝੇ ਕੀਤੇ ਗਏ, ਜਿਨ੍ਹਾਂ ਨੇ ਇਨ੍ਹਾਂ ਪਹਿਲਕਦਮੀਆਂ ਦੇ ਭਾਈਚਾਰੇ 'ਤੇ ਪੈ ਰਹੇ ਸਕਾਰਾਤਮਕ ਪ੍ਰਭਾਵ ਨੂੰ ਉਜਾਗਰ ਕੀਤਾ। ਸਮਾਰੋਹ ਦੌਰਾਨ ਏਮਜ਼ ਬਠਿੰਡਾ ਦੇ ਕਾਰਜਕਾਰੀ ਨਿਰਦੇਸ਼ਕ ਅਤੇ ਸੀਨੀਅਰ ਫੈਕਲਟੀ ਮੈਂਬਰਾਂ, ਜਿਨ੍ਹਾਂ ਵਿੱਚ ਡੀਨ ਆਫ ਮੈਡੀਕਲ ਐਜੂਕੇਸ਼ਨ ਅਤੇ ਪੀਡੀਆਟ੍ਰਿਕਸ, ਐਂਡੋਕ੍ਰਾਈਨੋਲੋਜੀ ਅਤੇ ਫੈਮਿਲੀ ਐਂਡ ਕਮਿਊਨਿਟੀ ਮੈਡੀਸਨ ਵਿਭਾਗਾਂ ਦੇ ਮੁਖੀ ਸ਼ਾਮਲ ਸਨ, ਨੇ ਐਚਐਮਈਐਲ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਏਮਜ਼ ਪ੍ਰਬੰਧਨ ਨੇ ਵਿਸ਼ੇਸ਼ ਤੌਰ 'ਤੇ ਉਨ੍ਹਾਂ ਪਹਿਲਕਦਮੀਆਂ ਦਾ ਜ਼ਿਕਰ ਕੀਤਾ, ਜਿਨ੍ਹਾਂ ਰਾਹੀਂ ਲੋੜਵੰਦ ਮਰੀਜ਼ਾਂ ਨੂੰ ਮਹੱਤਵਪੂਰਨ ਮੈਡੀਕਲ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਨ੍ਹਾਂ ਵਿੱਚ ਕ੍ਰਿਟੀਕਲ ਕੇਅਰ ਲਈ ਉੱਨਤ ਵੈਂਟੀਲੇਟਰ, ਟਾਈਪ-1 ਡਾਇਬਟੀਜ਼ ਤੋਂ ਪੀੜਤ ਬੱਚਿਆਂ ਅਤੇ ਲੋੜਵੰਦ ਭਾਈਚਾਰੇ ਦੇ ਲੋਕਾਂ ਲਈ ਇਨਸੁਲਿਨ ਸਹਾਇਤਾ, ਅਤੇ ਭਾਈਚਾਰੇ ਲਈ ਰੋਕਥਾਮੀ ਅਤੇ ਮੁੱਢਲੀਆਂ ਸਿਹਤ ਸੇਵਾਵਾਂ ਸ਼ਾਮਲ ਹਨ। ਏਮਜ਼ ਪ੍ਰਬੰਧਨ ਨੇ ਐਚਐਮਈਐਲ ਵੱਲੋਂ ਸਹਿਯੋਗ ਪ੍ਰਾਪਤ ਮੋਬਾਈਲ ਮੈਡੀਕਲ ਯੂਨਿਟ ਪ੍ਰੋਜੈਕਟ ਨੂੰ ਵੀ ਇੱਕ ਮਹੱਤਵਪੂਰਨ ਪਹਿਲਕਦਮੀ ਦੱਸਿਆ। ਇਸ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਕਿਫਾਇਤੀ ਸਿਹਤ ਸੇਵਾਵਾਂ, ਡਾਕਟਰੀ ਸਲਾਹ, ਟੈਲੀਮੈਡੀਸਨ ਅਤੇ ਲੋੜ ਪੈਣ 'ਤੇ ਰੈਫਰਲ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਸਿਹਤ ਜਾਗਰੂਕਤਾ ਪ੍ਰੋਗਰਾਮਾਂ ਵਰਗੀਆਂ ਪਹਿਲਕਦਮੀਆਂ ਦੀ ਵੀ ਸ਼ਲਾਘਾ ਕੀਤੀ ਗਈ, ਜਿਨ੍ਹਾਂ ਦਾ ਉਦੇਸ਼ ਭਾਈਚਾਰੇ ਵਿੱਚ ਸਿਹਤ ਸਬੰਧੀ ਜਾਗਰੂਕਤਾ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਦੀ ਸਮਰੱਥਾ ਨੂੰ ਮਜ਼ਬੂਤ ਕਰਨਾ ਹੈ। ਸਮਾਰੋਹ ਨੂੰ ਸੰਬੋਧਨ ਕਰਦਿਆਂ ਐਚਐਮਈਐਲ ਦੇ ਸ਼੍ਰੀ ਐਮ.ਬੀ. ਗੋਹਿਲ ਨੇ ਐਚਐਮਈਐਲ ਦੀ ਵਿਕਾਸ ਯਾਤਰਾ ਅਤੇ ਭਾਰਤ ਦੀ ਊਰਜਾ ਸੁਰੱਖਿਆ ਵਿੱਚ ਕੰਪਨੀ ਦੇ ਯੋਗਦਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਐਚਐਮਈਐਲ ਲਈ ਵਿਕਾਸ ਦਾ ਅਰਥ ਸਿਰਫ਼ ਕਾਰੋਬਾਰੀ ਤਰੱਕੀ ਨਹੀਂ ਹੈ, ਸਗੋਂ ਆਸ-ਪਾਸ ਦੇ ਭਾਈਚਾਰਿਆਂ ਦੇ ਸਮਾਵੇਸ਼ੀ ਅਤੇ ਟਿਕਾਊ ਵਿਕਾਸ ਵਿੱਚ ਯੋਗਦਾਨ ਪਾਉਣਾ ਵੀ ਹੈ। ਉਨ੍ਹਾਂ ਦੱਸਿਆ ਕਿ ਐਚਐਮਈਐਲ ਆਪਣੀਆਂ ਪਹਿਲਕਦਮੀਆਂ ਰਾਹੀਂ ਸਿਹਤ, ਸਿੱਖਿਆ, ਆਜੀਵਿਕਾ, ਹੁਨਰ ਵਿਕਾਸ, ਭਾਈਚਾਰਕ ਬੁਨਿਆਦੀ ਢਾਂਚਾ, ਖੇਡਾਂ, ਕਲਾ ਅਤੇ ਸੱਭਿਆਚਾਰ ਸਮੇਤ ਵੱਖ-ਵੱਖ ਖੇਤਰਾਂ ਵਿੱਚ ਲੰਬੇ ਸਮੇਂ ਲਈ ਯੋਜਨਾਬੱਧ ਕੰਮ ਕਰ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐਚਐਮਈਐਲ ਦਾ ਭਾਈਚਾਰਕ ਵਿਕਾਸ ਪ੍ਰਤੀ ਦ੍ਰਿਸ਼ਟੀਕੋਣ ਸਿਰਫ਼ ਕਾਨੂੰਨੀ ਸੀਐੱਸਆਰ ਜ਼ਿੰਮੇਵਾਰੀਆਂ ਤੱਕ ਸੀਮਿਤ ਨਹੀਂ ਹੈ, ਸਗੋਂ ਸਮਾਜ ਦੀਆਂ ਅਸਲ ਲੋੜਾਂ ਨੂੰ ਸਮਝਦਿਆਂ ਲੰਬੇ ਸਮੇਂ ਲਈ ਪ੍ਰਭਾਵਸ਼ਾਲੀ ਹੱਲ ਵਿਕਸਿਤ ਕਰਨ 'ਤੇ ਕੇਂਦਰਿਤ ਹੈ।

### ਐੱਸ.ਆਈ.ਆਰ.: ਜ਼ਿਲ੍ਹੇ ਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੀ

# ਡਰਾਫਟ ਫੋਟੋ ਵੋਟਰ ਸੂਚੀਆਂ-2026 ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਸੌਂਪੀਆਂ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਕੀਤੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.)-2026 ਦੇ ਸ਼ਿਡਊਲ ਅਨੁਸਾਰ ਪਹਿਲੇ ਪੜਾਅ ਤਹਿਤ ਇਸ ਜ਼ਿਲ੍ਹੇ ਦੇ ਸਮੂਹ ਬੀ.ਐੱਲ.ਓਜ਼ ਵੱਲੋਂ ਹਾਊਸ-ਟੂ-ਹਾਊਸ ਗਣਨਾ ਫਾਰਮਾਂ ਦੀ ਵੈਰੀਫਿਕੇਸ਼ਨ ਦਾ ਕੰਮ ਮਿਤੀ 03.08.2026 ਤਕ ਸਫਲਤਾਪੂਰਵਕ ਮੁਕੰਮਲ ਕੀਤਾ ਜਾ ਚੁੱਕਾ ਹੈ। ਕਮਿਸ਼ਨ ਵੱਲੋਂ ਜਾਰੀ ਸ਼ਿਡਊਲ ਅਨੁਸਾਰ ਮਿਤੀ 13.08.2026 ਨੂੰ ਪ੍ਰਕਾਸ਼ਿਤ ਕੀਤੀ ਫੋਟੋ ਵੋਟਰ ਸੂਚੀ ਦੇ ਡਰਾਫਟ ਰੋਲ ਸਬੰਧੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ, ਸੰਗੂਰਰ ਸ਼੍ਰੀਮਤੀ ਪੂਨਮਦੀਪ ਕੌਰ ਦੇ ਆਦੇਸ਼ਾਂ ਦੀ ਪਾਲਣਾ ਹਿਤ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਸੰਗਰੂਰ ਸ਼੍ਰੀ ਅੰਕੁਰ ਮਹਿੰਦਰੂ ਵੱਲੋਂ ਜ਼ਿਲ੍ਹੇ ਦੀਆਂ ਸਮੂਹ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨ/ਸਕੱਤਰ/ਨੁਮਾਇੰਦਿਆਂ ਨਾਲ ਮੀਟਿੰਗ ਕੀਤੀ ਗਈ। ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਫੋਟੋ ਵੋਟਰ ਸੂਚੀਆਂ ਦੀ ਮਿਤੀ 13.08.2026 ਨੂੰ ਮੁੱਢਲੀ ਪ੍ਰਕਾਸ਼ਨਾ ਕਰਨ ਉਪਰੰਤ ਜ਼ਿਲ੍ਹੇ ਦੇ ਪੰਜ ਵਿਧਾਨ ਸਭਾ ਚੋਣ ਹਲਕਿਆਂ ਦੀ ਡਰਾਫਟ ਫੋਟੋ ਵੋਟਰ ਸੂਚੀ-2026 ਦਾ ਇੱਕ- ਇੱਕ ਕੰਪਲੀਟ ਸੈਟ ਸਮੇਤ ਬਗੈਰ ਫੋਟੋ ਵੋਟਰ ਸੂਚੀ ਦੀ ਸਾਫਟ ਕਾਪੀ ਮੀਟਿੰਗ ਦੌਰਾਨ ਜ਼ਿਲ੍ਹੇ ਦੀਆਂ ਸਮੂਹ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ ਨੂੰ ਅਥਾਰਿਟੀ ਪੱਤਰ ਰਾਹੀਂ ਦਿੱਤੀ ਜਾ ਚੁੱਕੀ ਹੈ। ਵਧੀਕ ਜ਼ਿਲ੍ਹਾ ਚੋਣ ਅਫਸਰ ਵਲੋਂ ਦੱਸਿਆ ਗਿਆ ਕਿ ਅੱਜ ਮਿਤੀ 13.08.2026 ਪ੍ਰਕਾਸ਼ਿਤ ਡਰਾਫਟ ਫੋਟੋ ਵੋਟਰ ਸੂਚੀ ਮੁਤਾਬਿਕ ਇਸ ਜ਼ਿਲ੍ਹੇ ਵਿੱਚ ਕੁੱਲ ਵੋਟਰਾਂ ਦੀ ਗਿਣਤੀ 864592 ਹੈ। ਇਨ੍ਹਾਂ ਵਿੱਚੋਂ ਵਿਧਾਨ ਸਭਾ ਚੋਣ ਹਲਕਾ 099-ਲਹਿਰਾ ਵਿੱਚ 168830, 100-ਦਿੜ੍ਹਬਾ ਵਿੱਚ 178954, 101-ਸੁਨਾਮ ਵਿੱਚ 188631, 107-ਧੂਰੀ ਵਿੱਚ 154021 ਅਤੇ 108-ਸੰਗਰੂਰ ਵਿੱਚ 174156 ਵੋਟਰ ਹਨ, ਜਦੋਂਕਿ ਕੁੱਲ 53486 ਵੋਟਰ ਗੈਰ-ਹਾਜ਼ਰ ਪਾਏ ਜਾਣ ਕਾਰਨ ਉਨ੍ਹਾਂ ਦੇ ਗਣਨਾ ਫਾਰਮ ਇਕੱਤਰ ਨਹੀਂ ਹੋਏ। ਸੋ ਕੁੱਲ 53486 ਵੋਟਰਾਂ ਦਾ ਨਾਮ ਅੱਜ ਮਿਤੀ 13.08.2026 ਨੂੰ ਪ੍ਰਕਾਸ਼ਿਤ ਕੀਤੀ ਜਾ ਰਹੀ ਵੋਟਰ ਸੂਚੀ ਦੇ ਡਰਾਫਟ ਰੋਲ ਵਿੱਚ ਦਰਜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਬੂਥਾਂ ਦੀ ਰੈਸ਼ਨਲਾਈਜੇਸ਼ਨ ਕਰਨ ਉਪਰੰਤ ਇਸ ਜ਼ਿਲ੍ਹੇ ਦੇ ਕੁੱਲ 36 ਪੋਲਿੰਗ ਬੂਥ ਹੋਰ ਨਵੇਂ ਸਥਾਪਿਤ ਕੀਤੇ ਗਏ ਹਨ, ਜਿਸ ਅਨੁਸਾਰ ਹੁਣ ਇਸ ਜ਼ਿਲ੍ਹੇ ਦੇ ਪੋਲਿੰਗ ਬੂਥਾਂ ਦੀ ਗਿਣਤੀ ਵੱਧ ਕੇ 1042 ਹੋ ਗਈ ਹੈ। ਉਹਨਾਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕਮਿਸ਼ਨ ਦੇ ਸ਼ਿਡਊਲ ਅਨੁਸਾਰ ਐੱਸ ਆਈ ਆਰ ਦੇ ਦੂਸਰੇ ਪੜਾਅ ਮੁਤਾਬਿਕ ਦਾਅਵੇ ਅਤੇ ਇਤਰਾਜ਼ ਮਿਤੀ 13.08.2026 ਤੋਂ ਲੈ ਕੇ ਮਿਤੀ 12.09.2026 ਤਕ ਪ੍ਰਾਪਤ ਕੀਤੇ ਜਾਣਗੇ ਅਤੇ ਪ੍ਰਾਪਤ ਹੋਏ ਦਾਅਵੇ ਤੇ ਇਤਰਾਜ਼ਾਂ ਦਾ ਮਿਤੀ 08.10.2026 ਤਕ ਨਿਪਟਾਰਾ ਕੀਤਾ ਜਾਵੇਗਾ। ਜਿਸ ਉਪਰੰਤ ਮਿਤੀ 12.10.2026 ਨੂੰ ਫੋਟੋ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਕਰਵਾਈ ਜਾਵੇਗੀ।



ਮੀਟਿੰਗ ਦੌਰਾਨ ਸਮੂਹ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਡਰਾਫਟ ਫੋਟੋ ਵੋਟਰ ਸੂਚੀਆਂ ਸਪਲਾਈ ਕਰਦੇ ਹੋਏ ਵਧੀਕ ਜ਼ਿਲ੍ਹਾ ਚੋਣ ਅਫਸਰ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਵਲੋਂ ਇਹ ਵੋਟਰ ਸੂਚੀਆਂ ਚੰਗੀ ਤਰ੍ਹਾਂ ਚੈੱਕ ਕਰ ਲਈਆਂ ਜਾਣ ਅਤੇ ਜੇਕਰ ਕਿਸੇ ਯੋਗ ਵਿਅਕਤੀ ਦਾ ਨਾਮ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਰਹਿ ਗਿਆ ਹੈ ਜਾਂ ਕੋਈ ਸੋਧ ਕੀਤੀ ਜਾਣੀ ਹੈ, ਤਾਂ ਲੋੜੀਂਦਾ ਫਾਰਮ ਭਰ ਕੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਦੇ ਦਫਤਰ ਜਾਂ ਆਨ ਲਾਈਨ ਪੋਰਟਲ 'ਤੇ ਅਪਲਾਈ ਕੀਤੇ ਜਾ ਸਕਦੇ ਹਨ। ਇਸ ਤੋਂ ਇਲਾਵਾ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਮੀਟਿੰਗ ਸਮੇਂ ਇਹ ਵਿਸ਼ੇਸ ਤੌਰ 'ਤੇ ਦੱਸਿਆ ਗਿਆ ਕਿ ਭਾਰਤ ਚੋਣ ਕਮਿਸ਼ਨ ਵਲੋਂ ਆਮ ਜਨਤਾ ਅਤੇ ਵੋਟਰਾਂ ਦੀ ਸੁਵਿਧਾ ਲਈ ਜ਼ਿਲ੍ਹਾ ਚੋਣ ਦਫਤਰ, ਸੰਗਰੂਰ ਦੇ 1950 ਟੋਲ ਫ੍ਰੀ ਨੰਬਰ 'ਤੇ ਵੋਟਾਂ ਦੇ ਕੰਮ ਸਬੰਧੀ ਕਿਸੇ ਤਰ੍ਹਾਂ ਦੀ ਜਾਣਕਾਰੀ ਪ੍ਰਾਪਤ ਕਰਨ, ਕੋਈ ਸੁਝਾਅ ਦੇਣ ਜਾਂ ਕਿਸੇ ਤਰ੍ਹਾਂ ਦੀ ਕੋਈ ਸ਼ਿਕਾਇਤ ਦੇਣ ਸਬੰਧੀ 1950 ਟੋਲ ਫ੍ਰੀ ਨੰਬਰ 'ਤੇ ਕਾਲ ਕੀਤਾ ਜਾ ਸਕਦਾ ਹੈ। ਇਸ ਮੀਟਿੰਗ ਵਿੱਚ ਸ਼੍ਰੀ ਸਤਿਗੁਰ ਸਿੰਘ, ਬਹੁਜਨ ਸਮਾਜ ਪਾਰਟੀ, ਸ਼੍ਰੀ ਪਵਿੱਤਰ ਸਿੰਘ, ਬਹੁਜਨ ਸਮਾਜ ਪਾਰਟੀ, ਸ਼੍ਰੀ ਚਮਕੌਰ ਸਿੰਘ, ਸੀ.ਪੀ.ਆਈ.(ਐੱਮ), ਸ਼੍ਰੀ ਸੰਦੀਪ ਕੁਮਾਰ, ਆਮ ਆਦਮੀ ਪਾਰਟੀ, ਸ਼੍ਰੀ ਰੌਕੀ ਬਾਂਸਲ ਇੰਡੀਅਨ ਨੈਸ਼ਨਲ ਕਾਂਗਰਸ, ਸ਼੍ਰੀ ਗੁਰਨੈਬ ਸਿੰਘ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) , ਸ਼੍ਰੀ ਸ਼ੇਰ ਸਿੰਘ ਬੱਲੇਵਾਲ ਸ਼੍ਰੋਮਣੀ ਅਕਾਲੀ ਦਲ ਤੋਂ ਇਲਾਵਾ ਸ਼੍ਰੀ ਰਾਜਬੀਰ ਸਿੰਘ, ਸਹਾਇਕ ਕਮਿਸ਼ਨਰ (ਜ), ਸੰਗਰੂਰ ਅਤੇ ਸ਼੍ਰੀਮਤੀ ਪਰਮਜੀਤ ਕੌਰ, ਚੋਣ ਤਹਿਸੀਲਦਾਰ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸੱਭਿਆਚਾਰਕ ਸਮਾਰੋਹ "ਮੌਨਸੂਨ ਫੁਹਾਰਾਂ" ਦਾ ਸ਼ਾਨਦਾਰ ਆਯੋਜਨ



**ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟੋਰੇਟ ਆਫ਼ ਯੁਵਾ ਤੇ ਸੱਭਿਆਚਾਰਕ ਮਾਮਲੇ ਵੱਲੋਂ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਹਿੱਤ ਸੱਭਿਆਚਾਰਕ ਸਮਾਰੋਹ "ਮੌਨਸੂਨ ਫੁਹਾਰਾਂ" ਆਯੋਜਿਤ ਕੀਤਾ ਗਿਆ। ਜਿਸ ਵਿੱਚ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ ਅਤੇ ਵਿਦਿਆਰਥੀ ਹਾਜ਼ਰ ਹੋਏ। ਮੁੱਖ ਮਹਿਮਾਨ ਡਾ. ਸਿੰਘ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਉਹਨਾਂ ਦੇ ਵਿਰਸੇ ਨਾਲ ਜੋੜ ਕੇ ਰੱਖਦੀਆਂ ਹਨ, ਜੋ ਸਾਨੂੰ ਪ੍ਰੇਮ, ਪਿਆਰ, ਸਾਂਝੀ ਵਾਲਤਾ ਅਤੇ ਅਨੁਸ਼ਾਸਨ ਵਿੱਚ ਰਹਿਣ ਦਾ ਸੰਦੇਸ਼ ਦਿੰਦੀਆਂ ਹਨ। ਉਹਨਾਂ ਵਿਦਿਆਰਥੀਆਂ ਨੂੰ ਸਮੇਂ ਸਿਰ ਆਪਣੀਆਂ ਕਲਾਸਾਂ ਲਗਾਉਣ ਅਤੇ ਆਪਣੀ ਊਰਜਾ ਦੇ ਸਦਉਪਯੋਗ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਭਾਰਤ ਨੂੰ ਨਵੀਂ ਪੀੜ੍ਹੀ ਤੋਂ ਬਹੁਤ ਉਮੀਦਾਂ ਹਨ, ਵਿਦਿਆਰਥੀ ਆਪਣੇ ਕੌਸ਼ਲ, ਊਰਜਾ, ਨਵੀਂ ਸੋਚ ਅਤੇ ਨਵੀਂ ਤਕਨੀਕ ਦੀ ਵਰਤੋਂ ਰਾਹੀਂ ਭਾਰਤ ਨੂੰ ਦੁਨੀਆਂ ਦਾ ਮਾਡਲ ਦੇਸ਼ ਬਣਾ ਸਕਦੇ ਹਨ। ਇਸ ਮੌਕੇ ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਯੁਵਾ ਤੇ ਸੱਭਿਆਚਾਰਕ ਮਾਮਲੇ ਡਾ. ਕੰਵਲਜੀਤ ਕੌਰ ਨੇ ਦੱਸਿਆ ਕਿ ਆਯੋਜਨ ਵਿੱਚ ਵਰਸਿਟੀ ਦੇ ਲਗਭਗ 350 ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ-ਨਾਚ ਭੰਗੜਾ, ਗਿੱਧਾ, ਬਾਲੀਵੁੱਡ ਡਾਂਸ, ਗਾਇਨ, ਨੁੱਕੜ-ਨਾਟਕ ਅਤੇ ਮੋਨੋ ਐਕਟਿੰਗ ਤੋਂ ਇਲਾਵਾ ਪੰਜਾਬੀ ਸੱਭਿਆਚਾਰ ਨਾਲ ਜੁੜੀਆਂ ਵੱਖ-ਵੱਖ ਵੰਨਗੀਆਂ ਪੇਸ਼ ਕੀਤੀਆਂ ਗਈਆਂ। ਉਹਨਾਂ ਦੱਸਿਆ ਕਿ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਣ ਅਤੇ ਉਹਨਾਂ ਦੇ ਸਰਵ-ਪੱਖੀ ਵਿਕਾਸ ਲਈ ਵਰਸਿਟੀ ਵੱਲੋਂ ਅਜਿਹੇ ਆਯੋਜਨ ਕੀਤੇ ਜਾਂਦੇ ਹਨ। ਵਿਦਿਆਰਥੀਆਂ ਨੇ ਇਸ ਆਯੋਜਨ ਨੂੰ ਮਨੋਰੰਜਕ ਅਤੇ ਲਾਭਕਾਰੀ ਦੱਸਿਆ।

# ਹਲਕਾ ਇੰਚਾਰਜ ਰਣਜੀਤ ਸਿੰਘ ਰੰਧਾਵਾ ਨੇ ਸੁਖਬੀਰ ਸਿੰਘ ਬਾਦਲ ਤੇ ਹਮਲੇ ਦੀ ਕੀਤੀ ਨਿੰਦਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ, ਸੁਖਬੀਰ ਸਿੰਘ ਬਾਦਲ ਸਾਬਕਾ ਡਿਪਟੀ ਮੁੱਖ ਮੰਤਰੀ ਪੰਜਾਬ ਜੋ ਆਪਣੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜਾਣ ਸਮੇਂ ਹੋਏ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਧੂਰੀ ਵਿਧਾਨ ਸਭਾ ਹਲਕੇ ਤੋਂ ਹਲਕਾ ਇੰਚਾਰਜ ਸ, ਰਣਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪੰਜਾਬ ਵਿੱਚ ਹੋ ਰਹੀ ਚੜ੍ਹਤ ਨੂੰ ਦੇਖ ਕੇ ਦੂਸਰੀਆਂ ਪਾਰਟੀਆਂ ਬੁਖਲਾਈਆਂ ਹੋਈਆਂ ਹਨ। ਉਹ ਇਸ ਤਰ੍ਹਾਂ ਦੇ ਘਟਨਾ ਕਰਮ ਵਰਤ ਕੇ ਸਿੱਖ ਧਰਮ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਤੁਸੀਂ ਇਸ ਤਰ੍ਹਾਂ ਦੇ ਹਾਲਾਤ ਪੈਦਾ ਕਰਕੇ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚੋਂ ਸੁਖਬੀਰ ਸਿੰਘ ਬਾਦਲ ਦੀ ਤਸਵੀਰ ਨੂੰ ਨਹੀਂ ਕੱਢ ਸਕਦੇ । ਉਨ੍ਹਾਂ ਕਿਹਾ ਕਿ 2027 ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਨਿਰਪੱਖ ਸਰਕਾਰ ਬਣੇਗੀ ਜਿਸ ਦੇ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਹੋਣਗੇ । ਇਸ ਮੌਕੇ ਜਗਰੂਪ ਸਿੰਘ ਲੱਡਾ, ਅਮਰੀਕ ਸਿੰਘ ਬਰੜਵਾਲ, ਸਰਬਜੀਤ ਸਿੰਘ ਕਾਤਰੋਂ, ਨਿਰਭੈ ਸਿੰਘ ਹੇੜੀਕੇ, ਗੁਰਦਿਆਲ ਸਿੰਘ ਕਾਂਝਲਾ, ਸੱਤਾ ਕਾਂਝਲਾ, ਜਗਜੀਤ ਸਿੰਘ ਮਿੱਠੂ ਲੱਡਾ ਹਾਜ਼ਰ ਸਨ।

# ਜਥੇਦਾਰ ਜਗਤਾਰ ਸਿੰਘ ਹਵਾਰਾ ਨੂੰ 10, ਦਿਨਾਂ ਪੈਰੋਲ ਦੇਣ ਲਈ ਰਾਜਪਾਲ ਨੂੰ ਚਿੱਠੀ ਲਿਖਣ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕੀਤਾ ਧੰਨਵਾਦ, ਬਲਜੀਤ ਸਿੰਘ ਉਦੋ ਨੰਗਲ





**ਚੌਕ ਮਹਿਤਾ, 13 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪਿੱਛਲੇ ਕਾਫੀ ਸਮੇਂ ਤੋਂ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ ਦੀ ਮਾਤਾ ਜੀ ਬਿਮਾਰ ਚੱਲ ਰਹੇ ਹਨ। ਉਨ੍ਹਾਂ ਨੂੰ ਮਿਲਣ ਲਈ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਨੇ 10 ਦਿਨਾਂ ਦੀ ਪੈਰੋਲ ਦੀ ਸਤਿਕਾਰ ਯੋਗ ਰਾਜਪਾਲ ਨੂੰ ਚਿੱਠੀ ਲਿਖੀ । ਇਸ ਸ਼ਲਾਘਾਯੋਗ ਕਦਮ ਦੀ ਸਿਫਤ ਕਰਦੇ ਹੋਏ ਬਲਜੀਤ ਸਿੰਘ ਚਾਹਲ ਜਨਰਲ ਸੈਕਟਰੀ ਪੰਜਾਬ ਅਤੇ ਮੈਡਮ ਰਜਵੰਤ ਕੌਰ ਮੈਂਬਰ ਬਲਾਕ ਸੰਮਤੀ ਨੇਂ ਸ਼ਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਪਿੱਛਲੇ ਕਾਫੀ ਸਾਲਾ ਤੋਂ ਜੇਲ ਵਿਚ ਹਨ।

### ਪ੍ਰਸਿੱਧ ਬਿਜ਼ਨਸਮੈਨ ਮਨਜੀਤ ਸਿੰਘ ਨਰਵਾਲ ਨਾਲ

# ਗੁਰਮਤਿ ਸਿਧਾਂਤਾਂ ਸਬੰਧੀ ਇੱਕ ਵਿਸ਼ੇਸ਼ ਇਕੱਤਰਤਾ





**ਐਡਮਿੰਟਨ (ਕਨੇਡਾ)** ਦੀ ਪ੍ਰਸਿੱਧ ਨਰਵਾਲ ਬਿਲਡਿੰਗ ਵਿਖੇ ਵਿਸ਼ਵ ਪੰਜਾਬੀ ਸਭਾ ਦੀ ਇੱਕ ਵਿਸ਼ੇਸ਼ ਇਕੱਤਰਤਾ ਨਾਮਚੀਨ ਬਿਜ਼ਨਸਮੈਨ ਮਨਜੀਤ ਸਿੰਘ ਨਰਵਾਲ ਦੀ ਰਹਿਨੁਮਾਈ ਹੇਠ ਹੋਈ। ਇਸ ਇਕੱਤਰਤਾ ਵਿੱਚ ਮੁੱਖ ਵਿਸ਼ਾ ਸਿੱਖ ਧਰਮ, ਗੁਰਮਤਿ ਸਿਧਾਂਤਾਂ ਦੇ ਉਪਦੇਸ਼ਾਂ ਤੇ ਇਤਿਹਾਸ ਦੇ ਪ੍ਰਚਾਰ ਪ੍ਰਸਾਰ ਲਈ ਕਾਰਜ ਕਰਨੇ ਅਤੇ ਗੁਰਮਤਿ ਸਿਧਾਂਤਾਂ ਉਪਦੇਸ਼ਾਂ ਨੂੰ ਮੁਫਤ ਪੁਸਤਕਾਂ ਜ਼ਰੀਏ ਘਰ ਘਰ ਪਹੁੰਚਾਉਣ ਤੇ ਵਿਚਾਰ ਵਟਾਂਦਰਾ ਕੀਤਾ ਗਿਆ।

ਵਿਸ਼ੇਸ਼ ਤੌਰ ਤੇ ਵਿਸ਼ਵ ਪੰਜਾਬੀ ਸਭਾ ਐਡਮਿੰਟਨ ਦੇ ਪ੍ਰਧਾਨ ਦਲਬੀਰ ਸਿੰਘ 'ਰਿਆੜ', ਸਤਨਾਮ ਸਿੰਘ ਗਾਹਲੇ ਤੇ ਬਲਵਿੰਦਰ ਬਾਲਮ ਨਾਲ ਮੁਲਾਕਾਤ ਕਰਕੇ ਵਿਚਾਰ ਵਟਾਂਦਰਾ ਕੀਤਾ ਗਿਆ।

ਇਸ ਮੌਕੇ ਤੇ ਸਿੱਖ ਇਤਿਹਾਸ ਨਾਲ ਸੰਬੰਧਤ ਦੋ ਲਘੂ ਫਿਲਮਾਂ ਵੀ ਵਿਖਾਈਆਂ ਗਈਆਂ, ਜਿਸ ਵਿੱਚ ਪ੍ਰਾਚੀਨ ਅਤੇ ਵਰਤਮਾਨ ਹਾਲਾਤਾਂ ਬਾਰੇ ਜ਼ਿਕਰ ਸੀ। ਇਸ ਮੌਕੇ ਤੇ ਮਨਜੀਤ ਸਿੰਘ ਨਰਵਾਲ ਸੰਸਥਾਪਕ ਆਲ ਇਜ਼ ਵੰਨ ਫਾਊਂਡੇਸ਼ਨ ਨੇ ਆਪਣੇ ਸੰਬੋਧਨ ਵਿੱਚ ਕਿਹਾ–

ਆਵਾਜ਼ਿ ਕੌਮ AWAZE QAUM International Newspaper & WEB TV

ਕਿ ਅੱਜ ਦੁਨੀਆਂ ਦੇ ਜਿਸ ਪਾਸੇ ਵੀ ਨਜ਼ਰ ਜਾਵੇ ਦਰਦ, ਤਣਾਅ ਅਤੇ ਵੰਡ ਦਿਖਾਈ ਦਿੰਦੀ ਹੈ। ਯੂਕਰੇਨ, ਫਲਸਤੀਨ, ਇਰਾਨ, ਇਜ਼ਰਾਇਲ ਅਤੇ ਅਰਬ ਦੇਸ਼ਾਂ ਵਿੱਚ ਲੋਕ ਪੀੜਤ ਹਨ। ਭਾਰਤ ਵਿੱਚ ਵੀ ਮਜ਼੍ਹਬ ਦੇ ਨਾਂ ਤੇ ਖਿੱਚੋਤਾਣ ਵੱਧ ਰਹੀ ਹੈ। ਇਹੀ ਦਰਾਰਾਂ ਹੁਣ ਸਾਡੇ ਘਰਾਂ ਤੱਕ ਪਹੁੰਚ ਗਈਆਂ ਹਨ। ਪਤੀ ਪਤਨੀ ਵਿਚਕਾਰ ਦੂਰੀਆਂ, ਵੱਧਦੇ ਤਲਾਕ ਤੇ ਪੀੜੀਆਂ ਦਾ ਆਪਸ ਵਿੱਚ ਟੁੱਟਦਾ ਰਿਸ਼ਤਾ। ਇਹ ਸਭ ਵੇਖ ਕੇ ਮਨ ਵਿੱਚ ਇੱਕ ਸਵਾਲ ਉੱਠਦਾ ਹੈ ਕਿ ਅਸੀਂ ਸੱਚ ਮੁੱਚ ਇੱਕ ਦੂਜੇ ਤੋਂ ਇੰਨੇ ਵੱਖਰੇ ਹਾਂ, ਜਿੰਨਾ ਅਸੀਂ ਸਮਝ ਬੈਠੇ ਹਾਂ?

ਗੁਰੂ ਗ੍ਰੰਥ ਸਾਹਿਬ ਜੀ ਦਾ ਆਰੰਭ ਹੀ ੴ (ਇੱਕ ਓਅੰਕਾਰ) ਤੋਂ ਹੁੰਦਾ ਹੈ। ਏਕਤਾ ਦਾ ਸਭ ਤੋਂ ਡੂੰਘਾ ਸੁਨੇਹਾ ਇਹ ਸਿਖਾਉਂਦਾ ਹੈ ਕਿ ਹਰ ਜੀਅ ਅੰਦਰ ਇੱਕੋ ਜੋਤ ਵੱਸਦੀ ਹੈ। ਅਸੀਂ ਸਾਰੇ ਇੱਕੋ ਊਰਜਾ ਨਾਲ ਜੁੜੇ ਹੋਏ ਹਾਂ। 'ਅਜੂਨੀ' ਦਾ ਭਾਵ ਹੈ ਕਿ ਪਰਮਾਤਮਾ ਜਨਮ-ਮਰਨ ਤੋਂ ਪਰੇ ਹੈ, ਕਿਸੇ ਇੱਕ ਸਰੀਰ ਵਿੱਚ ਸੀਮਤ ਨਹੀਂ। ਜੇ ਉਹੀ ਇੱਕ ਜੋਤ ਸਾਰਿਆਂ ਅੰਦਰ ਹੈ ਤਾਂ ਕੋਈ ਵੀ ਮਨੁੱਖ, ਕੌਮ ਜਾਂ ਮਜ਼੍ਹਬ ਉਸ ਸਾਂਝੇ ਸੱਚ ਉੱਤੇ ਆਪਣਾ ਇਕੱਲਾ ਹੱਕ ਨਹੀਂ ਜਤਾ ਸਕਦਾ।

ਜਿਉਂ ਜਿਉਂ ਗੁਰਬਾਣੀ ਨੂੰ ਡੂੰਘਾਈ ਨਾਲ ਸਮਝਦੇ ਹਾਂ ਇਹ ਗੱਲ ਸਾਫ ਹੁੰਦੀ ਜਾਂਦੀ ਹੈ ਕਿ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਕਿਸੇ ਸੰਸਥਾਗਤ ਮਜ਼੍ਹਬ ਲਈ ਨਹੀਂ ਹਨ। ਇਹ ਸਮੁੱਚੀ ਮਨੁੱਖਤਾ ਦੀ ਸਾਂਝੀ ਪੂੰਜੀ ਹਨ। ਇਹਨਾਂ ਦਾ ਮੂਲ ਸੰਦੇਸ਼ ਲੁਕਾਈ ਨੂੰ ਵੰਡਣਾ ਨਹੀਂ ਸਗੋਂ ਜੋੜਨਾ ਹੈ।

ਗੁਰਬਾਣੀ ਸਾਨੂੰ ਉਹ ਕਦਰਾਂ ਕੀਮਤਾਂ ਦਿੰਦੀ ਹੈ ਜੋ ਹਰ ਇਨਸਾਨ ਦੇ ਦਿਲ ਦੀ ਸਾਂਝ ਹਨ- ਦਇਆ, ਸਬਰ ਤੇ ਧੀਰਜ, ਸੱਚ ਤੇ ਇਮਾਨਦਾਰੀ, ਹਲੀਮੀ ਤੇ ਨਿਮਰਤਾ ਅਤੇ ਸਰਬੱਤ ਦਾ ਭਲਾ, ਇਹ ਗੁਣ ਕਿਸੇ ਇੱਕ ਧਰਮ ਦੀ ਮਲਕੀਅਤ ਨਹੀਂ, ਇਹ ਵਿਸ਼ਵ ਭਾਈਚਾਰੇ ਦੀ ਨੀਂਹ ਹਨ। ਜਦੋਂ ਇਹੀ ਨਿਮਰਤਾ ਤੇ ਪ੍ਰੇਮ ਅਸੀਂ ਆਪਣੇ ਘਰ ਲੈ ਆਉਂਦੇ ਹਾਂ ਤਾਂ ਪਤੀ ਪਤਨੀ ਦੇ ਰਿਸ਼ਤੇ ਵਿੱਚ ਇਮਾਨਦਾਰੀ, ਹਲੀਮੀ ਤੇ ਨਿਮਰਤਾ, ਅਤੇ ਸਰਬੱਤ ਦਾ ਭਲਾ। ਜਦੋਂ ਇਹੀ ਨਿਮਰਤਾ ਦੇ ਪ੍ਰੇਮ ਅਸੀਂ ਆਪਣੇ ਘਰ ਲੈ ਆਉਂਦੇ ਹਾਂ ਤਾਂ ਪਤੀ ਪਤਨੀ ਦੇ ਰਿਸ਼ਤੇ ਵਿੱਚ ਸਤਿਕਾਰ ਪਰਤਦਾ ਹੈ ਤੇ ਨੌਜਵਾਨ ਤੇ ਬਿਰਧ ਪੀੜੀਆਂ ਵਿਚਕਾਰ ਨਿੱਘ ਮੁੜ ਜਾਗਦਾ ਹੈ।

ਇਸੇ ਸਮਝ ਨੇ ਸਾਨੂੰ ਕੁਝ ਕਰ ਗੁਜਰਨ ਦੀ ਪ੍ਰੇਰਨਾ ਦਿੱਤੀ। ਆਲ ਇਜ਼ ਵੰਨ ਫਾਊਂਡੇਸ਼ਨ ਇਸੇ ਭਾਵਨਾ ਨਾਲ ਜਨਮੀ ਇਕ ਗੈਰ ਮੁਨਾਫ਼ਾ ਸੰਸਥਾ ਹੈ। ਇਸ ਦਾ ਮਕਸਦ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਦੇਸ਼ ਨੂੰ ਸਧਾਰਨ, ਸਹਿਜ ਭਾਸ਼ਾ ਵਿੱਚ ਤੇ ਦੁਨੀਆਂ ਦੀਆਂ ਕਈ ਬੋਲੀਆਂ ਵਿੱਚ ਹਰ ਉਸ ਵਿਅਕਤੀ ਤੱਕ ਪਹੁੰਚਾਉਣਾ ਹੈ ਜੋ ਦਇਆ, ਸਤਿਕਾਰ ਤੇ ਸ਼ਾਂਤੀ ਨਾਲ ਜੀਣਾ ਸਿੱਖਣਾ ਚਾਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸੰਸਥਾ ਵੱਲੋਂ ਲੋੜਵੰਦਾਂ ਲਈ ਭੋਜਨ ਦੀ ਸੇਵਾ, ਕਿਤਾਬਾਂ ਦਾ ਲੰਗਰ ਅਤੇ ਗੁਰਬਾਣੀ ਦੇ ਸਰਲ ਅਨੁਵਾਦ ਦਾ ਕਾਰਜ ਨਿਰੰਤਰ ਜਾਰੀ ਹੈ। ਕਿਤਾਬਾਂ ਤੋਂ ਇਲਾਵਾ ਆਲ ਇਜ਼ ਵੰਨ ਲਾਈਫ ਨਾਂ ਦਾ ਐਪ ਵੀ ਸਭ ਦੀ ਸੇਵਾ ਵਿੱਚ ਹਾਜ਼ਰ ਹੈ, ਜਿਸ ਰਾਹੀਂ ਆਪ ਆਪਣੀ ਭਾਸ਼ਾ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦਾ ਸੰਦੇਸ਼ ਸੁਣ, ਪੜ੍ਹ, ਸਮਝ ਅਤੇ ਸਿੱਖ ਸਕਦੇ ਹੋ। ਏਕਤਾ ਦਾ ਇਹ ਰਾਹ ਕਿਸੇ ਇੱਕ ਕੌਮ ਦਾ ਨਹੀਂ। ਇਹ ਸਾਰੀ ਲੁਕਾਈ ਦਾ ਸਾਂਝਾ ਰਾਹ ਹੈ। ਆਓ ! ਇੱਕੋ ਜੋਤ ਨੂੰ ਪਛਾਣੀਏ ਤੇ ਪਿਆਰ ਦੇ ਇਸ ਰਾਹ 'ਤੇ ਇਕੱਠੇ ਤੁਰੀਏ। ਕਿਉਂਕਿ ਸੱਚ ਤਾਂ ਇਹੀ ਹੈ – ਅਸੀਂ ਸਾਰੇ ਇੱਕ ਹਾਂ।

ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਆਪਣੇ ਆਪਣੇ ਵਿਚਾਰ ਰੱਖੇ ਅਤੇ ਭਵਿੱਖ ਵਿੱਚ ਪੰਜਾਬੀ ਮਾਂ ਬੋਲੀ ਅਤੇ ਗੁਰਮਤਿ ਸਿਧਾਂਤਾਂ, ਉਪਦੇਸ਼ਾਂ ਨੂੰ ਘਰ ਘਰ ਪਹੁੰਚਾਉਣ ਦੇ ਪ੍ਰਯੋਜਨ ਵੀ ਰੱਖੇ। ਇਸੇ ਇਕੱਤਰਤਾ ਵਿੱਚ ਕੇਵਲ ਸਿੰਘ ਬੱਲ, ਬਲਵਿੰਦਰ ਬਾਲਮ, ਮੈਨੇਜਰ ਕਸ਼ਮੀਰਾ ਸਿੰਘ ਨਿਰਮਾਣ, ਮੈਨੇਜਰ ਨਰਿੰਦਰ ਸਿੰਘ, ਤਜਿੰਦਰ ਪਾਲ ਸਿੰਘ ਰਿਆੜ, ਕਰਨੈਲ ਸਿੰਘ ਪਰਮਾਰ, ਗੁਰਨਾਮ ਸਿੰਘ ਅਟਵਾਲ, ਗੁਰਦਿਆਲ ਸਿੰਘ, ਪਾਰਸ ਮਹੀਨੀਆਂ, ਸਤਨਾਮ ਸਿੰਘ ਗਾਹਲੇ, ਕਾਰਜ ਸਿੰਘ, ਮਾਸਟਰ ਅਜੀਤ ਸਿੰਘ ਖੰਗੂੜਾ, ਸੁਖਦੇਵ ਸਿੰਘ, ਹਰਪਾਲ ਸਿੰਘ ਬੋਪਾਰਾਏ, ਪ੍ਰੀਤ ਹਰਪਾਲ, ਅਵਦੇਸ਼ ਸ਼ਰਮਾ, ਗੁਰਦਿਆਲ ਸਿੰਘ, ਮੋਹਣ ਸਿੰਘ, ਰਵਿੰਦਰ ਕੁਮਾਰ ਬਾਲੀ ਐਡਵੋਕੇਟ ਵਿਪਨ ਮੋਦੀ ਆਦਿ ਬੁਲਾਰਿਆਂ ਨੇ ਵਿਚਾਰ ਰੱਖੇ

**-ਬਲਵਿੰਦਰ ਬਾਲਮ ਐਡਮਿੰਟਨ ਕਨੇਡਾ**
98156-25409

### ਜਿਸ ਤਿਰੰਗੇ ਦੀ ਛਾਂ ਹੇਠ ਸਿੱਖਾਂ ਦਾ ਕਤਲੇਆਮ ਹੋਇਆ

# ਫਿਰ 15 ਅਗਸਤ ਦੇ ਜਸ਼ਨ ਕਿਵੇਂ ਮਨਾਈਏ ? — ਜਥੇਦਾਰ ਰੇਸ਼ਮ ਸਿੰਘ ਬੱਬਰ

**ਨਵੀਂ ਦਿੱਲੀ 13 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:-15 ਅਗਸਤ ਸਿੱਖਾਂ ਲਈ ਆਜ਼ਾਦੀ ਦਾ ਦਿਹਾੜਾ ਨਹੀਂ, ਸਗੋਂ ਵੰਡ ਦੇ ਉਜਾੜੇ, ਕਤਲੇਆਮ ਅਤੇ ਕੌਮ ਨਾਲ ਹੋਏ ਇਤਿਹਾਸਕ ਵਿਤਕਰੇ ਦੀ ਯਾਦ ਦਾ ਦਿਨ ਹੈ। ਜਥੇਦਾਰ ਰੇਸ਼ਮ ਸਿੰਘ ਬੱਬਰ ਜਰਮਨੀ ਦੇ ਨਾਲ ਭਾਈ ਰਜਿੰਦਰ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਪ੍ਰਗਟ ਸਿੰਘ ਬੱਬਰ ਅਤੇ ਭਾਈ ਦਲਜੀਤ ਸਿੰਘ ਬੱਬਰ ਨੇ ਸਾਂਝੇ ਬਿਆਨ ਵਿਚ ਕਿਹਾ ਕਿ ਵੰਡ ਸਮੇਂ ਲੱਖਾਂ ਸਿੱਖਾਂ ਨੂੰ ਕਤਲੇਆਮ, ਘਰ-ਬਾਰ ਛੱਡਣ ਅਤੇ ਭਾਰੀ ਮਾਲੀ ਨੁਕਸਾਨ ਦਾ ਦਰਦ ਸਹਿਣਾ ਪਿਆ। ਇਸ ਤੋਂ ਬਾਅਦ ਭਾਰਤੀ ਹਕੂਮਤ ਦੀਆਂ ਨੀਤੀਆਂ ਅਤੇ ਸਿੱਖਾਂ ਨਾਲ ਹੋਏ ਵਿਤਕਰੇ ਨੇ ਇਹ ਸਵਾਲ ਹੋਰ ਗੰਭੀਰ ਕੀਤਾ ਕਿ ਜਿਸ ਆਜ਼ਾਦੀ ਦੇ ਜਸ਼ਨ ਮਨਾਏ ਜਾਂਦੇ ਹਨ, ਉਸ ਆਜ਼ਾਦੀ ਵਿੱਚ ਸਿੱਖ ਕੌਮ ਲਈ ਇਨਸਾਫ਼ ਅਤੇ ਬਰਾਬਰੀ ਕਿੱਥੇ ਹੈ ? ਉਨ੍ਹਾਂ ਕਿਹਾ ਕਿ ਤਿਰੰਗੇ ਦੀ ਛਾਂ ਹੇਠ ਹੀ 1984 ਵਿੱਚ ਸਿੱਖਾਂ ਦਾ ਕਤਲੇਆਮ ਹੋਇਆ, ਦੁੱਧ ਚੁੰਘਦੇ ਬੱਚਿਆਂ ਤੱਕ ਨੂੰ ਕੋਹ-ਕੋਹ ਕੇ ਮਾਰਿਆ ਗਿਆ ਅਤੇ ਸਿੱਖਾਂ ਦੇ ਗਲਾਂ ਵਿੱਚ ਟਾਇਰ ਪਾ ਕੇ ਜ਼ਿੰਦਾ ਸਾੜਨ ਵਰਗੀਆਂ ਦਿਲ ਦਹਿਲਾ ਦੇਣ ਵਾਲੀਆਂ ਘਟਨਾਵਾਂ ਵਾਪਰੀਆਂ। ਫਿਰ ਜਿਸ ਕੌਮ ਨੇ ਆਪਣੇ ਘਰਾਂ ਵਿੱਚ ਮਾਤਮ ਦੇਖਿਆ ਹੋਵੇ, ਉਹ 15 ਅਗਸਤ ਦੇ ਸਰਕਾਰੀ ਜਸ਼ਨਾਂ ਨੂੰ ਆਪਣੀ ਆਜ਼ਾਦੀ ਦਾ ਜਸ਼ਨ ਕਿਵੇਂ ਮੰਨੇ. ? ਜਥੇਦਾਰ ਰੇਸ਼ਮ ਸਿੰਘ ਬੱਬਰ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸਮੇਤ ਗੁਰਧਾਮਾਂ ਉੱਤੇ ਫੌਜੀ ਹਮਲਾ, ਬੇਗੁਨਾਹ ਸਿੱਖਾਂ ਦਾ ਕਤਲੇਆਮ, ਬੀਬੀਆਂ ਨਾਲ ਹੋਈਆਂ ਜ਼ਿਆਦਤੀਆਂ ਅਤੇ ਲੰਮੇ ਸਮੇਂ ਤੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲਗਾਤਾਰ ਅਣਗੌਲਿਆ ਕਰਨਾ ਸਿਰਫ਼ ਬੀਤੇ ਸਮੇਂ ਦੀਆਂ ਘਟਨਾਵਾਂ ਨਹੀਂ, ਸਗੋਂ ਅੱਜ ਵੀ ਸਿੱਖ ਕੌਮ ਦੇ ਸਾਹਮਣੇ ਖੜ੍ਹੇ ਇਨਸਾਫ਼ ਦੇ ਸਵਾਲ ਹਨ। ਉਨ੍ਹਾਂ ਕਿਹਾ ਕਿ ਜਦੋਂ ਕੌਮ ਦੇ ਜ਼ਖ਼ਮਾਂ 'ਤੇ ਇਨਸਾਫ਼ ਦੀ ਮਰਹਮ ਨਹੀਂ ਲੱਗਦੀ, ਤਾਂ ਜਸ਼ਨਾਂ ਦੀ ਚਮਕ ਉਨ੍ਹਾਂ ਜ਼ਖ਼ਮਾਂ ਨੂੰ ਹੋਰ ਉਜਾਗਰ ਕਰਦੀ ਹੈ। ਇਸੇ ਕਰਕੇ ਵਿਦੇਸ਼ਾਂ ਵਿੱਚ ਵੱਸਦੀ ਸਿੱਖ ਸੰਗਤ ਵੱਲੋਂ 15 ਅਗਸਤ ਨੂੰ ਭਾਰਤੀ ਅੰਬੈਸੀਆਂ ਅਤੇ ਕੌਂਸਲੇਟਾਂ ਅੱਗੇ ਰੋਸ ਪ੍ਰਦਰਸ਼ਨ ਕਰਕੇ ਦੁਨੀਆ ਸਾਹਮਣੇ ਸਿੱਖ ਕੌਮ ਦੇ ਹੱਕਾਂ ਅਤੇ ਲੰਮੇ ਸਮੇਂ ਤੋਂ ਚੱਲ ਰਹੇ ਸੰਘਰਸ਼ ਦੀ ਆਵਾਜ਼ ਬੁਲੰਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਭਵਿੱਖ ਕਿਸੇ ਸਰਕਾਰੀ ਜਸ਼ਨ ਦੀ ਮੋਹਤਾਜ ਨਹੀਂ, ਸਗੋਂ ਆਪਣੇ ਹੱਕਾਂ, ਆਪਣੀ ਪਛਾਣ ਅਤੇ ਆਪਣੇ ਸਿਆਸੀ ਭਵਿੱਖ ਬਾਰੇ ਫੈਸਲਾ ਕਰਨ ਦੇ ਅਧਿਕਾਰ ਨਾਲ ਜੁੜਿਆ ਹੋਇਆ ਹੈ। ਖਾਲਿਸਤਾਨ ਦੀ ਸਥਾਪਤੀ ਲਈ ਚੱਲ ਰਹੇ ਸੰਘਰਸ਼ ਨੂੰ ਇਸੇ ਕੌਮੀ ਅਧਿਕਾਰ ਅਤੇ ਸਿਆਸੀ ਆਜ਼ਾਦੀ ਦੀ ਮੰਗ ਦਾ ਪ੍ਰਗਟਾਵਾ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਸਿੰਘਾਂ, ਸਿੰਘਣੀਆਂ, ਬਜ਼ੁਰਗਾਂ ਅਤੇ ਬੱਚਿਆਂ ਨੇ ਇਸ ਸੰਘਰਸ਼ ਦੀ ਕੀਮਤ ਆਪਣੀਆਂ ਜਾਨਾਂ ਦੇ ਕੇ ਅਦਾ ਕੀਤੀ, ਉਨ੍ਹਾਂ ਦੀਆਂ ਸ਼ਹਾਦਤਾਂ ਨੂੰ ਭੁੱਲ ਕੇ ਕੌਮ ਆਪਣੀ ਮੰਜ਼ਿਲ ਤੱਕ ਨਹੀਂ ਪਹੁੰਚ ਸਕਦੀ। ਉਨ੍ਹਾਂ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਸ਼ਹੀਦਾਂ ਨੂੰ ਕੇਸਰੀ ਸਲਾਮ ਕਰਦਿਆਂ ਆਪਣੇ ਕੌਮੀ ਹੱਕਾਂ ਪ੍ਰਤੀ ਜਾਗਰੂਕ ਹੋਵੇ ਅਤੇ ਸ਼ਾਂਤਮਈ ਤੇ ਲੋਕਤੰਤਰਿਕ ਢੰਗ ਨਾਲ ਆਪਣੀ ਆਵਾਜ਼ ਨੂੰ ਹੋਰ ਤਾਕਤਵਰ ਬਣਾਏ।



ਆਵਾਜ਼ਿ ਕੌਮ AWAZE QAUM International Newspaper & WEB TV

# ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਤਹਿਤ ਨਰਮੇ ਦੀ ਸੁਚੱਜੀ ਕਾਸ਼ਤ ਸਬੰਧੀ ਖੇਤ ਦਿਵਸ ਆਯੋਜਿਤ




**ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)**-ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਤਹਿਤ ਨਰਮੇ ਦੀ ਫਸਲ ਦੀ ਸੁਚੱਜੀ ਕਾਸ਼ਤ, ਉਤਪਾਦਕਤਾ ਵਿੱਚ ਵਾਧਾ ਅਤੇ ਕੀੜੇ-ਮਕੌੜਿਆਂ ਦੀ ਪ੍ਰਭਾਵਸ਼ਾਲੀ ਰੋਕਥਾਮ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦੇਣ ਲਈ ਪਿੰਡ ਤਲਵੰਡੀ ਸਾਬੋ ਵਿਖੇ ਖੇਤ ਦਿਵਸ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਡਾ. ਸੰਦੀਪ ਸਿੰਘ, ਖੇਤੀਬਾੜੀ ਵਿਕਾਸ ਅਫਸਰ ਵੱਲੋਂ ਨਰਮਾ ਕਾਸ਼ਤਕਾਰਾਂ ਨੂੰ ਸੰਤੁਲਿਤ ਖੁਰਾਕ ਪ੍ਰਬੰਧਨ, ਫਸਲ ਦੀ ਵਾਧੇ ਦੀ ਅਵਸਥਾ ਅਨੁਸਾਰ ਪੋਸ਼ਕ ਤੱਤਾਂ ਦੀ ਲੋੜ, ਨਦੀਨ ਪ੍ਰਬੰਧਨ ਅਤੇ ਏਕੀਕ੍ਰਿਤ ਕੀਟ ਪ੍ਰਬੰਧਨ ਸਬੰਧੀ ਵਿਸਥਾਰਪੂਰਵਕ ਤਕਨੀਕੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਨਰਮੇ ਦੀ ਫਸਲ ਵਿੱਚ ਨਾਈਟ੍ਰੋਜਨ ਸਮੇਤ ਹੋਰ ਮੁੱਖ ਅਤੇ ਸੂਖਮ ਪੋਸ਼ਕ ਤੱਤਾਂ ਦੀ ਵਰਤੋਂ ਮਿੱਟੀ ਦੀ ਸਿਹਤ, ਫਸਲ ਦੀ ਅਵਸਥਾ ਅਤੇ ਵਿਭਾਗੀ ਸਿਫਾਰਸ਼ਾਂ ਅਨੁਸਾਰ ਹੀ ਕੀਤੀ ਜਾਵੇ। ਲੋੜ ਤੋਂ ਵੱਧ ਨਾਈਟ੍ਰੋਜਨ ਦੀ ਵਰਤੋਂ ਨਾਲ ਫਸਲ ਵਿੱਚ ਬੇਲੋੜਾ ਹਰਾ ਵਾਧਾ ਹੋਣ ਦੇ ਨਾਲ ਰਸ ਚੂਸਣ ਵਾਲੇ ਕੀੜਿਆਂ ਦੀ ਸਮੱਸਿਆ ਵਧ ਸਕਦੀ ਹੈ। ਇਸ ਲਈ ਕਿਸਾਨਾਂ ਨੂੰ ਸੰਤੁਲਿਤ ਖੁਰਾਕ ਪ੍ਰਬੰਧਨ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਕੀੜੇ-ਮਕੌੜਿਆਂ ਦੀ ਰੋਕਥਾਮ ਸਬੰਧੀ ਕਿਸਾਨਾਂ ਨੂੰ ਖੇਤਾਂ ਦਾ ਨਿਰੰਤਰ ਸਰਵੇਖਣ ਕਰਨ, ਕੀੜਿਆਂ ਦੀ ਸਹੀ ਪਛਾਣ ਕਰਨ ਅਤੇ ਆਰਥਿਕ ਨੁਕਸਾਨ ਪੱਧਰ ਦੀ ਨਿਗਰਾਨੀ ਕਰਨ ਦੀ ਸਲਾਹ ਦਿੱਤੀ ਗਈ। ਅਧਿਕਾਰੀਆਂ ਨੇ ਕਿਹਾ ਕਿ ਲੋੜ ਪੈਣ 'ਤੇ ਹੀ ਵਿਭਾਗੀ ਸਿਫਾਰਸ਼ਾਂ ਅਨੁਸਾਰ ਕੀਟਨਾਸ਼ਕਾਂ ਦੀ ਵਰਤੋਂ ਕੀਤੀ ਜਾਵੇ। ਕਿਸਾਨਾਂ ਨੂੰ ਕੀਟਨਾਸ਼ਕਾਂ ਦੀ ਬੇਲੋੜੀ ਅਤੇ ਗੈਰ-ਸਿਫਾਰਸ਼ੀ ਵਰਤੋਂ ਤੋਂ ਬਚਣ, ਸਹੀ ਕੀਟਨਾਸ਼ਕ ਦੀ ਸਹੀ ਮਾਤਰਾ ਅਤੇ ਸਹੀ ਸਮੇਂ 'ਤੇ ਵਰਤੋਂ ਕਰਨ ਲਈ ਜਾਗਰੂਕ ਕੀਤਾ ਗਿਆ। ਇਸ ਤੋਂ ਇਲਾਵਾ ਬਿਨਾਂ ਤਕਨੀਕੀ ਸਿਫਾਰਸ਼ ਦੇ ਵੱਖ-ਵੱਖ ਕੀਟਨਾਸ਼ਕਾਂ ਨੂੰ ਮਿਲਾ ਕੇ ਵਰਤਣ ਤੋਂ ਗੁਰੇਜ਼ ਕਰਨ ਅਤੇ ਸਪਰੇਅ ਦੌਰਾਨ ਲੋੜੀਂਦੀਆਂ ਸੁਰੱਖਿਆ ਸਾਵਧਾਨੀਆਂ ਅਪਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ। ਖੇਤ ਦਿਵਸ ਦੌਰਾਨ ਕਿਸਾਨਾਂ ਨਾਲ ਨਰਮੇ ਦੀ ਫਸਲ ਦੀ ਮੌਜੂਦਾ ਸਥਿਤੀ, ਕੀਟਾਂ ਦੀ ਨਿਗਰਾਨੀ, ਖੁਰਾਕ ਪ੍ਰਬੰਧਨ ਅਤੇ ਉਤਪਾਦਕਤਾ ਵਧਾਉਣ ਲਈ ਆਧੁਨਿਕ ਖੇਤੀ ਤਕਨੀਕਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਕਿਸਾਨਾਂ ਵੱਲੋਂ ਪੁੱਛੇ ਗਏ ਤਕਨੀਕੀ ਸਵਾਲਾਂ ਦੇ ਮੌਕੇ 'ਤੇ ਹੀ ਵਿਗਿਆਨਕ ਅਤੇ ਵਿਭਾਗੀ ਸਿਫਾਰਸ਼ਾਂ ਅਨੁਸਾਰ ਜਵਾਬ ਦਿੱਤੇ ਗਏ। ਅੰਤ ਵਿੱਚ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਨਰਮੇ ਦੀ ਫਸਲ ਸਬੰਧੀ ਕਿਸੇ ਵੀ ਸਮੱਸਿਆ ਦੀ ਸੂਰਤ ਵਿੱਚ ਉਹ ਆਪਣੇ ਨੇੜਲੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਨ ਅਤੇ ਵਿਗਿਆਨਕ ਖੇਤੀ ਤਕਨੀਕਾਂ ਤੇ ਏਕੀਕ੍ਰਿਤ ਕੀਟ ਪ੍ਰਬੰਧਨ ਨੂੰ ਅਪਣਾ ਕੇ ਨਰਮੇ ਦੀ ਗੁਣਵੱਤਾ ਅਤੇ ਉਤਪਾਦਕਤਾ ਵਿੱਚ ਵਾਧਾ ਕਰਨ। ਇਸ ਮੌਕੇ ਸ੍ਰੀ ਬਲਕੌਰ ਸਿੰਘ ਬੇਲਦਾਰ ਵੱਲੋਂ ਵੀ ਵਿਸ਼ੇਸ਼ ਯੋਗਦਾਨ ਪਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਹਸਪਤਾਲ ਦੀਆਂ ਸਹੂਲਤਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਸਹਿਯੋਗ ਕਰਨ ਆਰਐਮਪੀ ਡਾਕਟਰ- ਐੱਸਐੱਮਓ ਰਵੀਕਾਂਤ ਗੁਪਤਾ



**ਤਲਵੰਡੀ ਸਾਬੋ, 13 ਅਗਸਤ (ਗੁਰਜੰਟ ਸਿੰਘ ਨਥੇਹਾ)**-ਸਰਕਾਰੀ ਹਸਪਤਾਲ ਤਲਵੰਡੀ ਸਾਬੋ ਵਿਖੇ ਅੱਜ ਮੈਡੀਕਲ ਪ੍ਰੈਕਟੀਸ਼ਨਰ ਫੈਡਰੇਸ਼ਨ ਰੂਰਲ ਰਜਿ. 195 ਦੀ ਇੱਕ ਅਹਿਮ ਮੀਟਿੰਗ ਐੱਸਐੱਮਓ ਡਾ. ਰਵੀਕਾਂਤ ਗੁਪਤਾ ਨਾਲ ਹੋਈ। ਮੀਟਿੰਗ ਦੀ ਪ੍ਰਧਾਨਗੀ ਫੈਡਰੇਸ਼ਨ ਦੇ ਪ੍ਰਧਾਨ ਡਾ. ਜਗਸੀਰ ਸਿੰਘ ਸ਼ੇਖਪੁਰਾ ਨੇ ਕੀਤੀ। ਇਸ ਮੌਕੇ ਫੈਡਰੇਸ਼ਨ ਦੇ ਪ੍ਰਧਾਨ ਡਾ. ਜਗਸੀਰ ਸਿੰਘ ਸ਼ੇਖਪੁਰਾ ਅਤੇ ਸਮੂਹ ਯੂਨੀਅਨ ਮੈਂਬਰਾਂ ਵੱਲੋਂ ਸਿਵਲ ਹਸਪਤਾਲ ਤਲਵੰਡੀ ਸਾਬੋ ਵਿੱਚ ਹੋ ਰਹੇ ਅਪ੍ਰੇਸ਼ਨਾਂ ਅਤੇ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹੋਰ ਸਿਹਤ ਸਹੂਲਤਾਂ ਲਈ ਐੱਸਐੱਮਓ ਡਾ. ਰਵੀਕਾਂਤ ਗੁਪਤਾ ਦੀ ਸ਼ਲਾਘਾ ਕੀਤੀ ਗਈ। ਮੀਟਿੰਗ ਦੌਰਾਨ ਡਾ. ਰਵੀਕਾਂਤ ਗੁਪਤਾ ਨੇ ਆਰਐੱਮਪੀ ਡਾਕਟਰ ਸਾਥੀਆਂ ਨਾਲ ਸਿਹਤ ਸੇਵਾਵਾਂ ਸਬੰਧੀ ਵਿਚਾਰ-ਵਟਾਂਦਰਾ ਕਰਦਿਆਂ ਆਪਸੀ ਸਹਿਯੋਗ ਅਤੇ ਭਰੋਸੇ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਡਾਕਟਰ ਸਾਥੀਆਂ ਨੂੰ ਗਰੀਬ ਅਤੇ ਲੋੜਵੰਦ ਲੋਕਾਂ ਦੀ ਸੇਵਾ ਲਈ ਸਮਰਪਿਤ ਭਾਵਨਾ ਨਾਲ ਕੰਮ ਕਰਨਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਲੋਕਾਂ ਨੂੰ ਸਰਕਾਰੀ ਹਸਪਤਾਲ ਦੀਆਂ ਸਿਹਤ ਸਹੂਲਤਾਂ ਨਾਲ ਜੋੜਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ। ਐੱਸਐੱਮਓ ਡਾ. ਰਵੀਕਾਂਤ ਗੁਪਤਾ ਨੇ ਨਸ਼ਾ ਰਹਿਤ ਅਤੇ ਸਾਫ਼-ਸੁਥਰੇ ਕਾਰਜ-ਵਾਤਾਵਰਨ ਨੂੰ ਉਤਸ਼ਾਹਿਤ ਕਰਨ ਦੀ ਗੱਲ ਵੀ ਕੀਤੀ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਮਿਆਰੀ ਅਤੇ ਸਰਕਾਰੀ ਸਿਹਤ ਸਹੂਲਤਾਂ ਦਾ ਲਾਭ ਮਿਲਣਾ ਚਾਹੀਦਾ ਹੈ ਅਤੇ ਇਸ ਲਈ ਸਿਹਤ ਵਿਭਾਗ ਅਤੇ ਆਰਐੱਮਪੀ ਡਾਕਟਰਾਂ ਵਿਚਕਾਰ ਆਪਸੀ ਸਹਿਯੋਗ ਬਹੁਤ ਮਹੱਤਵਪੂਰਨ ਹੈ। ਫੈਡਰੇਸ਼ਨ ਆਗੂਆਂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਸਰਕਾਰ ਵੱਲੋਂ ਆਰਐੱਮਪੀ ਡਾਕਟਰ ਸਾਥੀਆਂ ਨੂੰ ਟ੍ਰੇਨਿੰਗ ਦੇ ਕੇ ਮਾਨਤਾ ਦੇਣ ਦੇ ਮਕਸਦ ਨਾਲ ਕੀਤੇ ਜਾ ਰਹੇ ਯਤਨਾਂ ਦੇ ਸੰਦਰਭ ਵਿੱਚ ਵੀ ਮਹੱਤਵਪੂਰਨ ਸੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਰਾਹੀਂ ਸਿਹਤ ਸੇਵਾਵਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਕੇ ਲੋਕ ਹਿੱਤ ਵਿੱਚ ਬਿਹਤਰ ਤਾਲਮੇਲ ਕਾਇਮ ਕੀਤਾ ਜਾ ਸਕਦਾ ਹੈ। ਮੀਟਿੰਗ ਵਿੱਚ ਫੈਡਰੇਸ਼ਨ ਦੇ ਮੀਤ ਪ੍ਰਧਾਨ ਬਲਵੰਤ ਸਿੰਘ ਲਹਿਰੀ, ਮੀਤ ਪ੍ਰਧਾਨ ਨਿਰਮਲ ਸ਼ਰਮਾ ਗੋਲੇਵਾਲਾ, ਖਜ਼ਾਨਚੀ ਜਗਦੇਵ ਸਿੰਘ ਬਹਿਣੀਵਾਲ, ਸਕੱਤਰ ਸੁਖਮੰਦਰ ਸਿੰਘ ਲਹਿਰੀ, ਚੇਅਰਮੈਨ ਗੁਰਦੀਪ ਸਿੰਘ ਬਹਿਮਣ ਕੌਰ ਸਿੰਘ, ਸਹਾਇਕ ਖਜ਼ਾਨਚੀ ਲਾਭ ਸਿੰਘ ਫੁੱਲੋਖਰੀ, ਕੁਲਦੀਪ ਸਿੰਘ ਬਹਿਮਣ ਕੌਰ ਸਿੰਘ, ਬਲਕਰਨ ਸਿੰਘ ਮਿਰਜੇਆਣਾ, ਪ੍ਰੈਸ ਸਕੱਤਰ ਗੁਰੂਦੀਪ ਸਿੰਘ ਚੱਠੇਵਾਲਾ, ਗੋਰਾ ਸਿੰਘ ਚੱਠੇਵਾਲਾ, ਅਮਨ ਸਿੰਘ ਬਹਿਣੀਵਾਲ, ਬੀਰਬਲ ਸਿੰਘ ਬਹਿਣੀਵਾਲ ਅਤੇ ਮਨਪ੍ਰੀਤ ਸਿੰਘ ਜਗਾ ਰਾਮ ਤੀਰਥ ਸਮੇਤ ਯੂਨੀਅਨ ਦੇ ਹੋਰ ਆਗੂ ਤੇ ਮੈਂਬਰ ਹਾਜ਼ਰ ਸਨ।

### ਪੰਥਕ ਅਕਾਲੀ ਦਲ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀ ਦੇ ਦਿਸ਼ਾ ਨਿਰਦੇਸ਼ ਹੇਠ

# ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਦੀ ਅਗਵਾਈ 'ਚ ਮੀਟਿੰਗ











(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਮਿਤੀ 12-8-26 ਦਿਨ ਬੁੱਧਵਾਰ ਨੂੰ ਪੰਥਕ ਅਕਾਲੀ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ ਹੇਠ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪੰਜਾਬ ਪ੍ਰਧਾਨ ਵਾਲਿਆਂ ਦੀ ਅਗਵਾਈ ਚ ਪਿੰਡ ਦਾਂਬਾਵਾਲ ਤਪ ਅਸਥਾਨ ਗੁਰਦੁਆਰਾ ਸੰਤ ਬਾਬਾ ਬੂਟਾ ਸਿੰਘ ਜੀ ਵਿਖੇ ਮੀਟਿੰਗ ਹੋਈ ਤੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਪੰਥਕ ਅਕਾਲੀ ਦਲ ਪਰਿਵਾਰ ਵਿੱਚ ਵਾਧਾ ਹੋਇਆ ਜਿਸ ਵਿਚੁ ਸ੍ਰ ਹਰਪ੍ਰੀਤ ਸਿੰਘ ਕੋਹਲੀ ਸ਼ਹਿਰੀ ਪ੍ਰਧਾਨ ਸ੍ਰੀ ਅੰਮ੍ਰਿਤਸਰ ਜਰਨਲ ਵਿੰਗ, ਸ੍ਰ ਸੰਤੋਖ ਸਿੰਘ ਖਹਿਰਾ ਸ਼ਹਿਰੀ ਪ੍ਰਧਾਨ ਫਤਿਹਗੜ ਚੂੜੀਆਂ ਜਰਨਲ ਵਿੰਗ, ਸ੍ਰ ਬਲਵਿੰਦਰ ਸਿੰਘ ਤਲਵੰਡੀ ਸ਼ਹਿਰੀ ਪ੍ਰਧਾਨ ਫਤਿਹਗੜ੍ਹ ਚੂੜੀਆਂ ਕਿਸਾਨ ਵਿੰਗ, ਸ੍ਰ ਸੁਖਦੀਪ ਸਿੰਘ ਸ਼ਹਿਰੀ ਪ੍ਰਧਾਨ ਫਤਿਹਗੜ੍ਹ ਚੂੜੀਆਂ ਧਾਰਮਿਕ ਵਿੰਗ, ਸ੍ਰ ਗੁਰਜਿੰਦਰ ਸਿੰਘ ਸ਼ਹਿਰੀ ਪ੍ਰਧਾਨ ਡੇਰਾ ਬਾਬਾ ਨਾਨਕ ਕਿਸਾਨ ਵਿੰਗੁ ਨਿਯੁਕਤ ਕੀਤੇ ਗਏ। ਸ਼ਾਮਿਲ ਹੋਏ ਆਗੂਆਂ ਨੂੰ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਵੱਲੋਂ ਸਿਰਪਾਉ ਦੀ ਬਖਸ਼ਿਸ਼ ਕੀਤੀ ਗਈ। ਆਲ ਇੰਡੀਆ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ਹਲਕਾ ਇੰਚਾਰਜ ਫਤਿਹਗੜ੍ਹ ਚੂੜੀਆਂ ਵਾਲਿਆਂ ਨੇ ਸ਼ਾਮਿਲ ਹੋਏ ਸਮੂਹ ਆਗੂਆਂ ਨੂੰ ਵਧਾਈ ਦਿੱਤੀ ਅਤੇ ਜੀ ਆਇਆ ਕਿਹਾ। ਨਿਯੁਕਤ ਹੋਏ ਸਮੂਹ ਆਗੂਆਂ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਲੀਡਰਸ਼ਿਪ ਦਾ ਧੰਨਵਾਦ ਕੀਤਾ ਅਤੇ ਪੂਰਨ ਵਿਸ਼ਵਾਸ ਦਿਵਾਇਆ ਕਿ ਅਸੀਂ ਤਨ ਮਨ ਧਨ ਨਾਲ ਇਸ ਜਿੰਮੇਵਾਰੀ ਨੂੰ ਨਿਭਾਵਾਂਗੇ ਅਤੇ ਜਥੇਬੰਦੀ ਲਈ ਤਤਪਰ ਰਹਾਂਗੇ।ਇਸ ਮੌਕੇ ਪੰਥਕ ਅਕਾਲੀ ਦਲ ਵੱਲੋਂ ਹਾਜਰ ਹੋਏ ਜੱਥੇਦਾਰ ਵਜ਼ੀਰ ਸਿੰਘ ਜੀ ਵਾਂ ਸੀਨੀਅਰ ਮੀਤ ਪ੍ਰਧਾਨ ਤਰਨਤਾਰਨ, ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਹਲਕਾ ਇੰਚਾਰਜ ਖੇਮਕਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਹਲਕਾ ਇੰਚਾਰਜ ਫ਼ਤਹਿਗੜ੍ਹ ਚੂੜੀਆਂ, ਭਾਈ ਬਲਕਾਰ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਸ੍ਰੀ ਅੰਮ੍ਰਿਤਸਰ, ਭਾਈ ਤਾਰਾ ਸਿੰਘ ਜੀ ਵਰਿਆਹ ਹਲਕਾ ਇੰਚਾਰਜ ਰਾਜਾਂਸਾਸੀ, ਭਾਈ ਹੀਰਾ ਸਿੰਘ ਜੀ ਸ੍ਰੀ ਅੰਮ੍ਰਿਤਸਰ,ਬਾਬਾ ਦਇਆ ਸਿੰਘ ਜੀ ਵਾੜਾ ਸ਼ੇਰ ਸਿੰਘ।ਨਾਲ ਗੁਰਪ੍ਰੀਤ ਸਿੰਘ ਜਾਂਗਲਾ ਸਰਪੰਚ, ਜਗਦੀਪ ਸਿੰਘ ਜਾਂਗਲਾ, ਹਰਪ੍ਰੀਤ ਸਿੰਘ, ਜੀਵਨ ਜੋਤ ਸਿੰਘ ਘਣੀਏ ਕੇ ਬਾਂਗਰ, ਹਰਦੇਵ ਸਿੰਘ ਜਾਂਗਲਾ, ਬਾਬਾ ਬਲਬੀਰ ਸਿੰਘ ਗੁਜਰਪੁਰਾ, ਭਾਈ ਸਾਧਾ ਸਿੰਘ ਨਾਨਕ ਚੱਕ, ਭਾਈ ਗੁਰਪ੍ਰੀਤ ਸਿੰਘ ਸ੍ਰੀ ਅੰਮ੍ਰਿਤਸਰ,ਨਿਹਾਲ ਸਿੰਘ ਅਤੇ ਹੋਰ ਬੇਅੰਤ ਸਿੰਘ ਹਾਜ਼ਰ ਸਨ।

### ਪੰਥਕ ਅਕਾਲੀ ਦਲ ਚ ਹੋਇਆ ਵਾਧਾ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ

(ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ +919914391522,,)
(,, ਭਾਈ ਰਜਿੰਦਰ ਸਿੰਘ ਜੀ ਰਾਜਾ ਜਿਲਾ ਪ੍ਰਧਾਨ ਗੁਰਦਾਸਪੁਰ ਹਲਕਾ ਇੰਚਾਰਜ ਫ਼ਤਹਿਗੜ੍ਹ ਚੂੜੀਆਂ +918198856205)

### ਹੱਡੀਆਂ ਦੀ ਜਾਂਚ ਨੂੰ ਲੈ ਕੇ ਲੋਕਾਂ ਵਿੱਚ ਦਿਖਿਆ ਉਤਸ਼ਾਹ

# ਮਾਹਿਰ ਡਾਕਟਰ ਨੇ ਦਿੱਤੀ ਸਲਾਹ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਰਾਸ਼ਟਰੀ ਹੱਡੀ ਅਤੇ ਜੋੜ ਦਿਵਸ ਦੇ ਮੌਕੇ 'ਤੇ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਬੁੱਧਵਾਰ ਨੂੰ ਹੱਡੀਆਂ ਅਤੇ ਜੋੜਾਂ ਦੀ ਸਿਹਤ ਸਬੰਧੀ ਮੁਫ਼ਤ ਜਾਂਚ ਕੈਂਪ ਲਗਾਇਆ ਗਿਆ। ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਸਿਹਤ ਜਾਂਚ ਦਾ ਲਾਭ ਲਿਆ।

ਕੈਂਪ ਦੌਰਾਨ ਮਰੀਜ਼ਾਂ ਨੂੰ ਹੱਡੀਆਂ ਅਤੇ ਜੋੜਾਂ ਨਾਲ ਸਬੰਧਤ ਸਮੱਸਿਆਵਾਂ ਲਈ ਮੁਫ਼ਤ ਓ.ਪੀ.ਡੀ ਸਲਾਹ ਦੇ ਨਾਲ 2500 ਰੁਪਏ ਦੀ ਕੀਮਤ ਵਾਲਾ ਬੀ.ਐਮ.ਡੀ (ਬੋਨ ਮਿਨਰਲ ਡੈਂਸਿਟੀ) ਟੈਸਟ ਵੀ ਮੁਫ਼ਤ ਕੀਤਾ ਗਿਆ। ਇਸ ਦਾ ਉਦੇਸ਼ ਹੱਡੀਆਂ ਨਾਲ ਸਬੰਧਤ ਬਿਮਾਰੀਆਂ ਦਾ ਸਮੇਂ ਸਿਰ ਪਤਾ ਲਗਾ ਕੇ ਲੋਕਾਂ ਨੂੰ ਸਹੀ ਇਲਾਜ ਅਤੇ ਸਾਵਧਾਨੀਆਂ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਦਾ ਉਦਘਾਟਨ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ, ਨਗਰ ਕੌਂਸਲ ਦੇ ਉਪ ਪ੍ਰਧਾਨ ਬੋਹੜ ਸਿੰਘ ਅਤੇ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਦੌਰਾਨ ਆਰਥੋਪੈਡਿਕਸ ਅਤੇ ਜੁਆਇੰਟ ਰਿਪਲੇਸਮੈਂਟ ਸਰਜਨ ਡਾ: ਕਨਿਸ਼ ਕਿਨਰਾ ਨੇ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਿਹਤ ਸਬੰਧੀ ਲੋੜੀਂਦੀ ਸਲਾਹ ਦਿੱਤੀ। ਹਸਪਤਾਲ ਦੇ ਆਰਥੋਪੈਡਿਕਸ ਵਿਭਾਗ ਦੇ ਚੇਅਰਮੈਨ ਡਾ: ਅਵਤਾਰ ਸਿੰਘ ਨੇ ਕਿਹਾ ਕਿ ਤੰਦਰੁਸਤ ਅਤੇ ਸਰਗਰਮ ਜੀਵਨ ਲਈ ਹੱਡੀਆਂ ਅਤੇ ਜੋੜਾਂ ਦਾ ਮਜ਼ਬੂਤ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨਿਯਮਤ ਜਾਂਚ ਅਤੇ ਸਮੇਂ ਸਿਰ ਇਲਾਜ ਨਾਲ ਕਈ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਰੋਕਥਾਮੀ ਸਿਹਤ ਸੰਭਾਲ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਅਮਨਦੀਪ ਹਸਪਤਾਲ ਮੋਗਾ ਰੋਡ ਫਿਰੋਜ਼ਪੁਰ ਵਿਖੇ ਲਗਾਇਆ ਗਿਆ, ਜਿੱਥੇ ਸਥਾਨਕ ਲੋਕਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਮੁਫ਼ਤ ਸਿਹਤ ਸਹੂਲਤਾਂ ਦਾ ਲਾਭ ਲਿਆ।

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸੁਖਬੀਰ ਬਾਦਲ 'ਤੇ ਹੋਏ ਕਾਤਲਾਨਾ ਹਮਲੇ ਦੀ ਨਿਖੇਧੀ

**ਨਵੀਂ ਦਿੱਲੀ, 13 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਨਾਂਦੇੜ ਸਾਹਿਬ ਵਿਖੇ ਹੋਏ ਕਾਤਲਾਨਾ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਗੁਰੂ ਘਰਾਂ ਅੰਦਰ ਅਜਿਹੇ ਹਮਲੇ ਕਰਨਾ ਗੁਰਮਰਿਆਦਾ ਦੇ ਬਿਲਕੁਲ ਉਲਟ ਹੈ। ਉਨ੍ਹਾਂ ਕਿਹਾ ਕਿ ਸਿਆਸੀ ਮਤਭੇਦ ਆਪਣੀ ਥਾਂ ਹਨ, ਪਰ ਕਿਸੇ ਵਿਅਕਤੀ 'ਤੇ ਜਾਨਲੇਵਾ ਹਮਲਾ ਕਿਸੇ ਵੀ ਹਾਲਤ ਵਿੱਚ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਮੀਡੀਆ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਉਨ੍ਹਾਂ ਮੰਨਿਆ ਕਿ ਬੇਅਦਬੀ ਦੇ ਮਾਮਲਿਆਂ ਨੂੰ ਲੈ ਕੇ ਬਾਦਲ ਸਰਕਾਰ ਅਤੇ ਬਾਦਲ ਪਰਿਵਾਰ ਪ੍ਰਤੀ ਲੋਕਾਂ ਵਿੱਚ ਰੋਸ ਹੈ, ਪਰ ਇਸ ਰੋਸ ਦਾ ਪ੍ਰਗਟਾਵਾ ਹਿੰਸਕ ਢੰਗ ਨਾਲ ਕਰਨਾ ਵਾਜਬ ਨਹੀਂ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਇੱਕ ਸਿਆਸੀ ਆਗੂ ਹਨ ਅਤੇ ਲੋਕਾਂ ਕੋਲ ਚੋਣਾਂ ਦੌਰਾਨ ਵੋਟ ਦੀ ਤਾਕਤ ਰਾਹੀਂ ਆਪਣੇ ਰੋਸ ਦਾ ਪ੍ਰਗਟਾਵਾ ਕਰਨ ਦਾ ਲੋਕਤੰਤਰਿਕ ਹੱਕ ਹੈ; ਕਿਸੇ ਦੀ ਜਾਨ ਲੈ ਕੇ ਜਾਂ ਜਾਨਲੇਵਾ ਹਮਲਾ ਕਰਕੇ ਸਿਆਸੀ ਵਿਰੋਧ ਜਤਾਉਣਾ ਸਹੀ ਨਹੀਂ। ਨਾਲ ਹੀ ਉਨ੍ਹਾਂ ਕਿਹਾ ਕਿ ਅਕਾਲੀ ਦਲ ਨੂੰ ਦੂਜੀ ਵਾਰ ਹੋਏ ਇਸ ਹਮਲੇ ਤੋਂ ਸਬਕ ਲੈਂਦਿਆਂ ਆਪਣੀਆਂ ਪਿਛਲੀਆਂ ਗਲਤੀਆਂ ਦੀ ਸਮੀਖਿਆ ਕਰਨੀ ਅਤੇ ਸੰਗਤ ਤੇ ਲੋਕਾਂ ਦੇ ਰੋਸ ਦੇ ਕਾਰਨਾਂ ਨੂੰ ਸਮਝਦਿਆਂ ਆਪਣੇ ਅੰਦਰ ਸੁਧਾਰ ਲਿਆਉਣ ਲਈ ਯਤਨ ਕਰਨੇ ਚਾਹੀਦੇ ਹਨ।



# ਨਾਂਦੇੜ ਵਿਖੇ ਸੁਖਬੀਰ ਸਿੰਘ ਬਾਦਲ 'ਤੇ ਹਮਲਾ ਨਿੰਦਣਯੋਗ: ਪਰਮਜੀਤ ਸਿੰਘ ਸਰਨਾ

ਨਵੀਂ ਦਿੱਲੀ, 13 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਚਲ ਨਗਰ ਨਾਂਦੇੜ ਵਿਖੇ ਗੁਰਦੁਆਰਾ ਮਾਤਾ ਸਾਹਿਬ ਦੇਵਾ ਵਿਖੇ ਇਕ ਸ਼ਰਧਾਵਾਨ ਸਿੱਖ ਵਜੋਂ ਨਤਮਸਤਕ ਹੋਣ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ 'ਤੇ ਕੀਤੇ ਗਏ ਹਮਲੇ ਦੀ ਦਿੱਲੀ ਦੇ ਅਕਾਲੀ ਆਗੂ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪਵਿੱਤਰ ਗੁਰਧਾਮ ਵਿਖੇ ਨਤਮਸਤਕ ਹੋਣ ਆਏ ਕਿਸੇ ਵੀ ਸ਼ਰਧਾਲੂ 'ਤੇ ਹਮਲਾ ਕਰਨਾ ਸਿੱਖ ਰਵਾਇਤਾਂ, ਧਾਰਮਿਕ ਅਸੂਲਾਂ ਅਤੇ ਗੁਰਦੁਆਰਾ ਮਰਿਆਦਾ ਦੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਇਹ ਹਮਲਾ ਸਿਰਫ਼ ਸ. ਸੁਖਬੀਰ ਸਿੰਘ ਬਾਦਲ 'ਤੇ ਨਹੀਂ, ਸਗੋਂ ਸਿੱਖ ਰਵਾਇਤਾਂ ਦੀ ਪਿੱਠ 'ਤੇ ਮਾਰਿਆ ਗਿਆ ਖ਼ੰਜਰ ਹੈ ਅਤੇ ਧਾਰਮਿਕ ਅਸਥਾਨਾਂ ਨੂੰ ਸਿਆਸੀ ਜਾਂ ਨਿੱਜੀ ਵਿਰੋਧ ਦਾ ਅਖਾੜਾ ਬਣਾਉਣਾ ਕਿਸੇ ਵੀ ਪੱਖੋਂ ਪ੍ਰਵਾਨ ਨਹੀਂ ਕੀਤਾ ਜਾ ਸਕਦਾ। ਸਰਦਾਰ ਸਰਨਾ ਨੇ ਕਿਹਾ ਕਿ ਅਜਿਹੇ ਕਾਇਰਾਨਾ ਹਮਲਿਆਂ ਨਾਲ ਸ. ਸੁਖਬੀਰ ਸਿੰਘ ਬਾਦਲ ਜਾਂ ਸ਼੍ਰੋਮਣੀ ਅਕਾਲੀ ਦਲ ਦੀ ਪੰਥ ਪ੍ਰਤੀ ਵਚਨਬੱਧਤਾ ਨੂੰ ਪ੍ਰਭਾਵਿਤ ਨਹੀਂ ਕੀਤਾ ਜਾ ਸਕਦਾ ਅਤੇ ਪੰਥਕ ਹੱਕਾਂ ਲਈ ਆਵਾਜ਼ ਬੁਲੰਦ ਕਰਨ ਵਾਲਿਆਂ ਨੂੰ ਹਮਲਿਆਂ ਰਾਹੀਂ ਡਰਾਇਆ ਜਾਂ ਦਬਾਇਆ ਨਹੀਂ ਜਾ ਸਕਦਾ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਅਜਿਹੀਆਂ ਘਟਨਾਵਾਂ ਤੋਂ ਸੁਚੇਤ ਰਹਿੰਦਿਆਂ ਸਿੱਖ ਰਵਾਇਤਾਂ, ਸੰਜਮ ਅਤੇ ਪੰਥਕ ਏਕਤਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ।



# ਸ਼ਹੀਦ ਊਧਮ ਸਿੰਘ ਚੌਂਕ ਵਿਚ ਇਕ ਘੰਟਾ ਕੀਤਾ ਜਾਵੇਗਾ ਰੋਸ ਧਰਨਾ, 15 ਅਗਸਤ ਸਿੱਖਾਂ ਵਾਸਤੇ ਕਾਲਾ ਦਿਨ—ਏਕਨੂਰ ਖਾਲਸਾ ਫੌਜ

ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਸਾਰੀ ਦੁਨਿਆਂ ਵਿਚ ਬਹਾਦਰ ਮੰਨੀ ਜਾਣ ਵਾਲੀ ਕੌਮ ਨੇ ਇਸ ਦੇਸ਼ ਦੀ ਇਜਤ ਆਬਰੂ ਨੂੰ ਬਚਾਉਣ ਲਈ ਪਹਿਲਾਂ ਵਿਦੇਸ਼ੀ ਲੁਟੇਰਿਆਂ ਨਾਲ ਟੱਕਰ ਲਈ ਤੇ ਉਨ੍ਹਾਂ ਤੋਂ ਭਾਰਤ ਨੂੰ ਲੁਟਣ ਤੋਂ ਬਚਾਇਆ, ਇਥੋਂ ਧੰਨ ਦੌਲਤ ਦੇ ਨਾਲ ਇਜਤਾਂ ਨੂੰ ਵੀ ਹੱਥ ਪਾਉਂਦੇ ਸਨ, ਸਿੰਘਾਂ ਨੇ ਜੇਹਲਾਂ ਤੇ ਮਾਰੂਥਲਾਂ ਵਿਚ ਰਹਿ ਕੇ ਇਸ ਦੇਸ਼ ਨੂੰ ਬਚਾਇਆ, ਉਸ ਤੋਂ ਬਾਅਦ ਗੋਰੇ ਆ ਗਏ, ਉਨ੍ਹਾਂ ਖੂਬ ਲੁਟਿਆ ਤੇ ਕੁਟਿਆ, ਪਰ ਕਿਸੇ ਨੇ ਗੋਰਿਆਂ ਸਾਹਮਣੇ ਬੋਲਣ ਦੀ ਜੁਰਅਤ ਨਹੀਂ ਕੀਤੀ, ਪਰ ਪੰਜਾਬ ਦੇ ਜੰਮਿਆਂ ਨੂੰ ਨਿੱਤ ਮੁਹਿਮਾਂ, ਗੁਰੂ ਦੇ ਸਿੰਘਾਂ ਨੇ ਗੌਰਿਆਂ ਦਾ ਵਿਰੋਧ ਕਰਕੇ ਉਨ੍ਹਾਂ ਦੀ ਈਨ ਮੰਨਣ ਤੋਂ ਮਨਾ ਕਰ ਦਿੱਤਾ ਤੇ ਮਜ਼ਬੂਰ ਕੀਤਾ ਕਿ ਭਾਰਤ ਛੱਡਣ ਲਈ ਤੇ ਦੇਸ 15 ਅਗਸਤ 1947 ਨੂੰ ਆਜ਼ਾਦ ਹੋ ਗਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪ੍ਰਧਾਨ ਏਕ ਨੂਰ ਖਾਲਸਾ ਫੌਜ਼ ਨੰਬਰਦਾਰ ਲਖਬੀਰ ਸਿੰਘ ਨੇ ਕੀਤਾ। ਉਨ੍ਹਾਂ ਕਿਹਾ ਕਿ ਸਿੱਖਾਂ ਨੂੰ ਬਣਦਾ ਹੱਕ ਨਹੀਂ ਮਿਲਿਆ, ਜ਼ੋ ਵਾਅਦੇ ਨਹਿਰੂ, ਗਾਂਧੀ ਤੇ ਪਟੇਲ ਵਰਗਿਆਂ ਕੀਤੇ ਸੀ, ਸਭ ਆਜ਼ਾਦੀ ਤੋਂ ਬਾਅਦ ਇਕ ਵੀ ਪੂਰਾ ਨਹੀਂ ਕੀਤਾ, ਉਲਟਾ ਸਰਕੂਲਰ ਜਾਰੀ ਕਰਕੇ ਸਾਰੇ ਡੀ.ਸੀ ਸਾਹਿਬਾਂ ਨੂੰ ਇਹ ਕਹਿ ਦਿੱਤਾ ਕਿ ਸਿੱਖ ਜਰਾਇਮ ਪੇਸ਼ਾ ਲੋਕ ਹਨ, ਇਨ੍ਹਾਂ ਤੇ ਖਾਸ ਨਜ਼ਰ ਰੱਖੀ ਜਾਵੇ। ਅੱਗੇ ਗੱਲ ਕਰਦਿਆਂ ਸਾਂਝੇ ਰੂਪ ਵਿਚ ਭਾਈ ਹਿੰਮਤ ਸਿੰਘ ਖਾਲਸਾ, ਨਿਰਮਲ ਸਿੰਘ ਗੱਟਾ ਬਾਦਸ਼ਾਹ, ਰਣਧੀਰ ਸਿੰਘ ਰੋਡੇਵਾਲ ਨੇ ਕਿਹਾ ਕਿ ਭਾਰਤ ਨਹੀਂ ਵੰਡਿਆ ਸਿਰਫ ਪੰਜਾਬ ਦੀ ਤਾਕਤ ਘਟਾਉਣ ਵਾਸਤੇ ਪੰਜਾਬ ਨੂੰ ਦੋ ਹਿੱਸਿਆਂ ਵਿਚ ਵੰਡ ਦਿੱਤਾ ਗਿਆ ਹੈ। ਅੱਜ ਸਭ ਤੋਂ ਵੱਧ ਕੁਰਬਾਨੀਆਂ ਦੇਣ ਵਾਲੀ ਕੌਮ ਆਪਣੇ ਘਰ ਨੂੰ ਤਰਸ ਰਹੀ ਹੈ। ਇਸ ਕਰਕੇ ਜਿਨ੍ਹਾਂ ਨੂੰ ਆਜ਼ਾਦੀ ਮਿਲੀ ਹੈ, ਜੀ ਸਦਕੇ ਮਨਾਉਣ ਸਾਨੂੰ ਤਾਂ ਕਾਲਿਆਂ ਦੀ ਗੁਲਾਮੀ ਤੋਂ ਬਾਅਦ ਗੋਰੇ, ਗੋਰਿਆਂ ਤੋਂ ਬਾਅਦ ਕਾਲੇ ਅੰਗਰੇਜਾਂ ਨੇ ਗੁਲਾਮ ਬਣਾ ਲਿਆ ਹੈ, ਅਸੀਂ ਤਾਂ ਸਮੂਹ ਸਿੱਖ ਜਥੇਬੰਦੀਆਂ ਸ਼ਹੀਦ ਊਧਮ ਸਿੰਘ ਚੌਂਕ ਵਿਚ ਇਕ ਘੰਟਾ ਰੋਸ ਕਰਾਂਗੇ, ਸਭ ਨੂੰ ਬੇਨਤੀ ਹੈ ਕਿ ਸ਼ਹੀਦ ਊਧਮ ਸਿੰਘ ਚੌਂਕ ਵਿਚ 10 ਤੋਂ 11 ਵਜੇ ਤੱਕ ਪਹੁੰਚਣ। ਇਸ ਮੌਕੇ ਭਾਈ ਰਣਧੀਰ ਸਿੰਘ ਮੀਤ ਪ੍ਰਧਾਨ, ਅਵਤਾਰ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ, ਬਲਜਿੰਦਰ ਸਿੰਘ, ਗੁਰਦੇਵ ਸਿੰਘ ਮੀਤ ਪ੍ਰਧਾਨ ਫ਼ਿਰੋਜ਼ਸ਼ਾਹ, ਗੁਰਚਰਨ ਸਿੰਘ ਗੱਟੀ ਜਲਾਲਾਬਾਦ, ਲਾਲ ਸਿੰਘ ਸਰਕਲ ਮਮਦੋਟ, ਪ੍ਰੀਤਮ ਸਿੰਘ ਘੱਲ ਖੁਰਦ, ਸੁਖਮੰਦਰ ਸਿੰਘ ਮੁੱਦਕੀ ਸਰਕਲ, ਸੂਬੇਦਾਰ ਚਮਕੌਰ ਸਿੰਘ ਸ਼ਕੂਰ ਸਰਕਲ ਤਲਵੰਡੀ ਭਾਈ, ਦਰਸ਼ਨ ਸਿੰਘ ਲਹੁਕੇ, ਅਮਰੀਕ ਸਿੰਘ ਪ੍ਰੈਸ ਸਕੱਤਰ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਜਗਜੀਤ ਸਿੰਘ ਮੱਲਾਂਵਾਲਾ, ਨਛੱਤਰ ਸਿੰਘ ਪ੍ਰਧਾਨ ਫਰੀਦਕੋਟ, ਰੁਪਿੰਦਰ ਸਿੰਘ ਜਲਾਲੇਆਣਾ, ਪਿੱਪਲ ਸਿੰਘ ਮਾਲਵਾ ਜ਼ੋਨ ਇੰਚਾਰਜ ਸਰਕਲ ਇੰਚਾਰਜ ਮੋਗਾ, ਤਰਨਤਾਰਨ ਆਦਿ ਹਾਜ਼ਰ ਸਨ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਥਕ ਜਥੇਬੰਦੀਆਂ ਇਕਜੁੱਟ ਹੋ ਕੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਰਾਬਤਾ ਕਰਨ

# ਬੰਦੀ ਸਿੰਘਾਂ ਦੀ ਰਿਹਾਈ ਦਾ ਰਾਹ ਗੱਲਬਾਤ ਰਾਹੀਂ ਹੀ ਨਿਕਲੇਗਾ: ਭਾਈ ਅਵਤਾਰ ਸਿੰਘ ਭਿਉਰਾ



**ਨਵੀਂ ਦਿੱਲੀ, 13 ਅਗਸਤ (ਆਵਾਜ਼ਿ ਕੌਮ ਬਿਊਰੋ)**- ਭਾਈ ਅਵਤਾਰ ਸਿੰਘ ਭਿਉਰੇ ਨੇ ਬੇਹੱਦ ਦੁਖੀ ਮਨ ਨਾਲ 'ਆਵਾਜ਼ਿ ਕੌਮ' ਰਾਹੀਂ ਸਿੱਖ ਪੰਥ ਦੇ ਸਾਹਮਣੇ ਆਪਣਾ ਦਰਦ ਰੱਖਦਿਆਂ ਪੰਥਕ ਜਥੇਬੰਦੀਆਂ ਅਤੇ ਆਗੂਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਸੀ ਵਖਰੇਵਿਆਂ ਤੋਂ ਉੱਪਰ ਉੱਠ ਕੇ ਇਕਜੁੱਟ ਹੋਣ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਸਿੱਧਾ ਰਾਬਤਾ ਕਾਇਮ ਕਰਨ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਸਮੇਤ ਪੰਥ ਦੇ ਗੰਭੀਰ ਮਸਲਿਆਂ ਦਾ ਹੱਲ ਟਕਰਾਅ ਨਾਲ ਨਹੀਂ, ਸਗੋਂ ਦ੍ਰਿੜ੍ਹਤਾ ਅਤੇ ਗੰਭੀਰ ਗੱਲਬਾਤ ਰਾਹੀਂ ਕੱਢਿਆ ਜਾ ਸਕਦਾ ਹੈ।

ਭਾਈ ਭਿਉਰੇ ਨੇ ਸਭ ਤੋਂ ਪਹਿਲਾਂ ਜਗਤਾਰ ਸਿੰਘ ਹਵਾਰੇ ਦੀ ਬਿਮਾਰ ਮਾਤਾ ਜੀ ਦੀ ਚੰਗੀ ਸਿਹਤ ਅਤੇ ਲੰਮੀ ਉਮਰ ਲਈ ਅਰਦਾਸ ਕਰਦਿਆਂ ਕਿਹਾ ਕਿ ਜੇ ਮਾਤਾ ਜੀ ਦੀ ਸਿਹਤ ਨਾਜ਼ੁਕ ਹੈ ਤਾਂ ਕਿਸੇ ਵੀ ਅਣਹੋਣੀ ਤੋਂ ਪਹਿਲਾਂ ਪੰਜਾਬ ਸਰਕਾਰ ਨੂੰ ਮਨੁੱਖਤਾ ਦੇ ਆਧਾਰ 'ਤੇ ਜਗਤਾਰ ਸਿੰਘ ਹਵਾਰੇ ਨੂੰ ਆਪਣੀ ਮਾਤਾ ਜੀ ਨਾਲ ਮਿਲਣ ਦੀ ਇਜਾਜ਼ਤ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਮਾਂ ਅਤੇ ਪੁੱਤਰ ਦੀ ਮੁਲਾਕਾਤ ਨੂੰ ਸਿਰਫ਼ ਕਾਨੂੰਨੀ ਕਾਗਜ਼ਾਂ ਅਤੇ ਪ੍ਰਸ਼ਾਸਨਿਕ ਪੇਚੀਦਗੀਆਂ ਵਿੱਚ ਨਹੀਂ ਫਸਾਇਆ ਜਾਣਾ ਚਾਹੀਦਾ।

ਭਾਈ ਅਵਤਾਰ ਸਿੰਘ ਭਿਉਰੇ ਨੇ ਆਪਣੇ ਪਰਿਵਾਰ ਨਾਲ ਵਾਪਰੇ ਦਰਦਨਾਕ ਤਜਰਬੇ ਨੂੰ ਸਾਹਮਣੇ ਰੱਖਦਿਆਂ ਕਿਹਾ ਕਿ ਜਿਸ ਦਰਦ ਦੀ ਅੱਜ ਪੰਥ ਨੂੰ ਸਮਝ ਆ ਰਹੀ ਹੈ, ਉਹ ਦਰਦ ਉਨ੍ਹਾਂ ਦੇ ਪਰਿਵਾਰ ਨੇ ਸਾਲਾਂ ਪਹਿਲਾਂ ਆਪਣੇ ਪਿੰਡੇ 'ਤੇ ਹੰਢਾਇਆ ਹੈ।

ਉਨ੍ਹਾਂ ਦੱਸਿਆ ਕਿ ਪਰਮਜੀਤ ਸਿੰਘ ਭਿਉਰੇ ਦੇ ਪਿਤਾ ਜੀ ਆਪਣੇ ਪੁੱਤਰ ਨਾਲ ਮੁਲਾਕਾਤ ਕਰਨ ਦੀ ਤਿਆਰੀ ਵਿੱਚ ਸਨ ਪਰ ਅਚਾਨਕ ਬਾਥਰੂਮ ਵਿੱਚ ਤਿਲਕਣ ਕਾਰਨ ਉਨ੍ਹਾਂ ਦਾ ਚੂਲਾ ਟੁੱਟ ਗਿਆ। ਬੈੱਡ 'ਤੇ ਰਹਿਣ ਕਾਰਨ ਬੈੱਡ ਸੋਰ ਹੋ ਗਏ ਅਤੇ ਵਡੇਰੀ ਉਮਰ ਵਿੱਚ ਉਹ ਮਹੀਨਿਆਂ ਤੱਕ ਇਨ੍ਹਾਂ ਜ਼ਖ਼ਮਾਂ ਦੀ ਪੀੜ ਸਹਿੰਦੇ ਰਹੇ। ਆਖ਼ਰਕਾਰ 23 ਮਈ 2016 ਨੂੰ ਖਾਲਿਸਤਾਨ ਦਾ ਸੁਪਨਾ ਅੱਖਾਂ ਵਿੱਚ ਰੱਖਦਿਆਂ ਗੁਰੂ ਚਰਨਾਂ ਵਿੱਚ ਜਾ ਬਿਰਾਜੇ।

ਭਾਈ ਭਿਉਰੇ ਨੇ ਕਿਹਾ ਕਿ ਉਸ ਸਮੇਂ ਪ੍ਰਸ਼ਾਸਨ ਵੱਲੋਂ ਪਰਮਜੀਤ ਸਿੰਘ ਭਿਉਰੇ ਨੂੰ ਸਿਰਫ਼ ਦੋ ਘੰਟਿਆਂ ਦੀ ਪੈਰੋਲ ਦੇਣ ਦੀ ਗੱਲ ਕੀਤੀ ਗਈ ਅਤੇ ਕਿਹਾ ਗਿਆ ਕਿ ਜਾਂ ਤਾਂ ਭੋਗ 'ਤੇ ਜਾਓ ਜਾਂ ਸੰਸਕਾਰ 'ਤੇ। ਪਰਮਜੀਤ ਸਿੰਘ ਭਿਉਰੇ ਨੇ ਜਥੇਬੰਦੀਆਂ ਨਾਲ ਮੁਲਾਕਾਤ ਕਰਨ ਦੀ ਬਜਾਏ ਆਪਣੇ ਪਿਤਾ ਦੇ ਅੰਤਿਮ ਸੰਸਕਾਰ ਨੂੰ ਤਰਜੀਹ ਦਿੱਤੀ। ਉਨ੍ਹਾਂ ਕਿਹਾ ਕਿ ਉਹ ਖੁਦ ਵੀ ਤਿਹਾੜ ਜੇਲ੍ਹ ਤੋਂ ਪੈਰੋਲ ਲੈ ਕੇ ਆਏ ਸਨ ਅਤੇ ਪਰਿਵਾਰ ਨਾਲ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਏ ਸਨ।

ਇਸ ਤੋਂ ਵੀ ਵੱਡਾ ਦੁਖਾਂਤ 30 ਜਨਵਰੀ 2020 ਨੂੰ ਵਾਪਰਿਆ, ਜਦੋਂ ਪਰਮਜੀਤ ਸਿੰਘ ਭਿਉਰੇ ਦੀ ਮਾਤਾ ਜੀ ਵੀ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਉਸ ਸਮੇਂ ਵੀ ਪਰਮਜੀਤ ਸਿੰਘ ਭਿਉਰੇ ਨੂੰ ਕੇਵਲ ਦੋ ਘੰਟਿਆਂ ਦੀ ਪੈਰੋਲ ਦਿੱਤੀ ਗਈ ਅਤੇ ਉਹ ਆਪਣੀ ਮਾਤਾ ਜੀ ਦੇ ਆਖ਼ਰੀ ਦਰਸ਼ਨ ਕਰਕੇ ਉਸੇ ਸ਼ਮਸ਼ਾਨਘਾਟ ਵਿੱਚ ਸੰਸਕਾਰ ਲਈ ਪਹੁੰਚੇ।

ਭਾਈ ਭਿਉਰੇ ਨੇ ਕਿਹਾ ਕਿ ਮਾਤਾ ਜੀ ਦੀ ਗੰਭੀਰ ਬਿਮਾਰੀ ਬਾਰੇ ਸੰਸਕਾਰ ਤੋਂ ਕਈ ਮਹੀਨੇ ਪਹਿਲਾਂ ਹੀ ਅਖ਼ਬਾਰਾਂ ਅਤੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਸਾਹਮਣੇ ਆ ਰਹੀ ਸੀ। ਇਸ ਮਾਮਲੇ ਵਿੱਚ ਹਾਈ ਕੋਰਟ ਤੱਕ ਪਹੁੰਚ ਕੀਤੀ ਗਈ। ਅਦਾਲਤ ਵੱਲੋਂ ਇਹ ਵੀ ਕਿਹਾ ਗਿਆ ਕਿ ਜੇਲ੍ਹ ਵਿੱਚ ਘਰ ਵਰਗਾ ਮਾਹੌਲ ਬਣਾ ਕੇ ਡਾਕਟਰਾਂ ਦੀ ਹਾਜ਼ਰੀ ਵਿੱਚ ਮਾਤਾ ਜੀ ਅਤੇ ਪੁੱਤਰ ਦੀ ਮੁਲਾਕਾਤ ਕਰਵਾਉਣ ਦੀ ਸੰਭਾਵਨਾ ਵੇਖੀ ਜਾਵੇ।

ਪਰ ਡਾਕਟਰਾਂ ਦੀ ਟੀਮ ਵੱਲੋਂ ਅਦਾਲਤ ਵਿੱਚ ਰਿਪੋਰਟ ਦਿੱਤੀ ਗਈ ਕਿ ਮਾਤਾ ਜੀ ਦੀ ਹਾਲਤ ਇੰਨੀ ਨਾਜ਼ੁਕ ਹੈ ਕਿ ਉਨ੍ਹਾਂ ਨੂੰ ਜੇਲ੍ਹ ਲਿਆ ਕੇ ਮੁਲਾਕਾਤ ਕਰਵਾਉਣਾ ਖਤਰਨਾਕ ਹੋ ਸਕਦਾ ਹੈ। ਇਸ ਦੇ ਬਾਵਜੂਦ ਭਾਈ ਭਿਉਰੇ ਨੂੰ ਕਸਟਡੀ ਪੈਰੋਲ ਨਾ ਮਿਲ ਸਕੀ। ਨਤੀਜਾ ਇਹ ਨਿਕਲਿਆ ਕਿ ਮਾਂ ਆਪਣੇ ਪੁੱਤਰ ਨੂੰ ਮਿਲਣ ਦੀ ਤਾਂਘ ਦਿਲ ਵਿੱਚ ਲੈ ਕੇ ਇਸ ਫ਼ਾਨੀ ਸੰਸਾਰ ਤੋਂ ਚਲੀ ਗਈ ਅਤੇ ਪੁੱਤਰ ਆਪਣੀ ਮਾਂ ਦੇ ਆਖ਼ਰੀ ਪਲਾਂ ਵਿੱਚ ਉਸ ਦੇ ਕੋਲ ਨਾ ਹੋ ਸਕਿਆ।

ਭਾਈ ਅਵਤਾਰ ਸਿੰਘ ਭਿਉਰੇ ਨੇ ਪੰਥਕ ਆਗੂਆਂ ਨੂੰ ਸਵਾਲ ਕਰਦਿਆਂ ਕਿਹਾ ਕਿ ਅੱਜ ਜਗਤਾਰ ਸਿੰਘ ਹਵਾਰੇ ਦੀ ਮਾਤਾ ਜੀ ਦੇ ਘਰ ਜਾ ਕੇ ਤਸਵੀਰਾਂ ਖਿਚਵਾਉਣ ਅਤੇ ਸੋਸ਼ਲ ਤੇ ਪ੍ਰਿੰਟ ਮੀਡੀਆ ਵਿੱਚ ਪਾਉਣ ਵਾਲੇ ਆਗੂ ਉਦੋਂ ਕਿੱਥੇ ਸਨ, ਜਦੋਂ ਪਰਮਜੀਤ ਸਿੰਘ ਭਿਉਰੇ ਦੀ ਮਾਤਾ ਆਪਣੇ ਪੁੱਤਰ ਨੂੰ ਆਖ਼ਰੀ ਵਾਰ ਮਿਲਣ ਲਈ ਤਰਸ ਰਹੀ ਸੀ ?

ਉਨ੍ਹਾਂ ਕਿਹਾ ਕਿ ਅੱਜ ਹਵਾਰੇ ਦੀ ਪੈਰੋਲ ਲਈ ਜਥੇਬੰਦੀਆਂ ਇੱਕ-ਦੂਜੇ ਤੋਂ ਅੱਗੇ ਨਿਕਲਣ ਦੀ ਕੋਸ਼ਿਸ਼ ਕਰ ਰਹੀਆਂ ਹਨ, ਪਰ ਜੇ ਇਹੀ ਇਕਜੁੱਟਤਾ ਅਤੇ ਸੁਹਿਰਦਤਾ ਉਸ ਸਮੇਂ ਪਰਮਜੀਤ ਸਿੰਘ ਭਿਉਰੇ ਦੀ ਮਾਤਾ ਜੀ ਦੇ ਮਾਮਲੇ ਵਿੱਚ ਦਿਖਾਈ ਜਾਂਦੀ ਤਾਂ ਸ਼ਾਇਦ ਇੱਕ ਮਾਂ ਨੂੰ ਆਪਣੇ ਪੁੱਤਰ ਦੇ ਮੱਥੇ ਨੂੰ ਆਖ਼ਰੀ ਵਾਰ ਚੁੰਮਣ ਦਾ ਮੌਕਾ ਮਿਲ ਜਾਂਦਾ ਅਤੇ ਇੱਕ ਪੁੱਤਰ ਆਪਣੀ ਮਾਂ ਦੇ ਕੋਲ ਕੁਝ ਪਲ ਬੈਠ ਸਕਦਾ।

ਭਾਈ ਭਿਉਰੇ ਨੇ ਸਪੱਸ਼ਟ ਕੀਤਾ ਕਿ ਉਹ ਕਿਸੇ ਦੀ ਹਮਾਇਤ ਜਾਂ ਵਿਰੋਧ ਵਿੱਚ ਨਹੀਂ, ਸਗੋਂ ਆਪਣੇ ਹੰਢਾਏ ਦਰਦ ਦੇ ਆਧਾਰ 'ਤੇ ਪੰਥਕ ਆਗੂਆਂ ਨੂੰ ਸ਼ੀਸ਼ਾ ਦਿਖਾ ਰਹੇ ਹਨ। ਉਨ੍ਹਾਂ ਕਿਹਾ ਕਿ ਮੌਕੇ ਅਨੁਸਾਰ ਸਰਗਰਮੀ ਦਿਖਾਉਣ ਦੀ ਬਜਾਏ ਪੰਥਕ ਜਥੇਬੰਦੀਆਂ ਨੂੰ ਹਰ ਬੰਦੀ ਸਿੰਘ ਅਤੇ ਹਰ ਪਰਿਵਾਰ ਦੇ ਦੁੱਖ ਨੂੰ ਇਕਸਾਰ ਮਹੱਤਵ ਦੇਣਾ ਚਾਹੀਦਾ ਹੈ।

ਉਨ੍ਹਾਂ ਦੱਸਿਆ ਕਿ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਰੋਡੇ ਨੇ ਉਸ ਸਮੇਂ ਮਾਤਾ ਜੀ ਦੀ ਸਾਰ ਲਈ ਸੀ। ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਭਿੰਡਰਾਂਵਾਲਿਆਂ ਵੱਲੋਂ ਵੀ ਜਥੇਦਾਰ ਭਾਈ ਜਸਬੀਰ ਸਿੰਘ ਰੋਡੇ ਘਰ ਆਏ ਸਨ। ਮਾਤਾ ਜੀ ਦੇ ਭੋਗ ਸਮੇਂ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਸਪੁੱਤਰ ਭਾਈ ਈਸ਼ਰ ਸਿੰਘ ਅਤੇ ਭਾਈ ਦਲਜੀਤ ਸਿੰਘ ਬਿੱਟੂ ਵੀ ਹਾਜ਼ਰੀ ਲਗਵਾ ਕੇ ਗਏ ਸਨ।

ਭਾਈ ਭਿਉਰੇ ਨੇ ਇਹ ਵੀ ਦੱਸਿਆ ਕਿ ਉਸ ਸਮੇਂ ਉਨ੍ਹਾਂ ਦੀ ਮਾਤਾ ਜੀ ਨੂੰ 'ਫ਼ਖ਼ਰੇ ਕੌਮ' ਦਾ ਸਨਮਾਨ ਦੇਣ ਦੀ ਗੱਲ ਕੀਤੀ ਗਈ ਸੀ, ਪਰ ਉਨ੍ਹਾਂ ਨੇ ਇਹ ਕਹਿ ਕੇ ਸਨਮਾਨ ਲੈਣ ਤੋਂ ਇਨਕਾਰ ਕਰ ਦਿੱਤਾ ਕਿ ਜੇ ਸਨਮਾਨ ਦੇਣਾ ਹੈ ਤਾਂ ਸਿੱਖ ਸੰਘਰਸ਼ ਦੌਰਾਨ ਯੋਗਦਾਨ ਪਾਉਣ ਵਾਲੇ ਹਰ ਸਿੰਘ ਦੀ ਮਾਤਾ ਨੂੰ ਦਿੱਤਾ ਜਾਵੇ, ਕਿਉਂਕਿ ਇੱਕ ਮਾਂ ਨੂੰ ਸਨਮਾਨ ਦੇ ਕੇ ਬਾਕੀ ਸਿੰਘਾਂ ਦੀਆਂ ਮਾਵਾਂ ਨੂੰ ਨਜ਼ਰਅੰਦਾਜ਼ ਕਰਨਾ ਉਨ੍ਹਾਂ ਨੂੰ ਮਨਜ਼ੂਰ ਨਹੀਂ।

ਭਾਈ ਅਵਤਾਰ ਸਿੰਘ ਭਿਉਰੇ ਨੇ ਅਖੀਰ ਵਿੱਚ ਕਿਹਾ ਕਿ ਜੇ ਜਗਤਾਰ ਸਿੰਘ ਹਵਾਰੇ ਨੂੰ 10 ਦਿਨਾਂ ਦੀ ਪੈਰੋਲ ਮਿਲਦੀ ਹੈ ਤਾਂ ਇਹ ਸਭ ਤੋਂ ਚੰਗੀ ਗੱਲ ਹੈ। ਪਰ ਜੇ ਸਰਕਾਰ ਸਿਰਫ਼ ਇੱਕ ਦਿਨ ਜਾਂ ਕੁਝ ਘੰਟਿਆਂ ਦੀ ਕਸਟਡੀ ਪੈਰੋਲ ਦੇਣ ਲਈ ਤਿਆਰ ਹੈ ਤਾਂ ਵੀ ਇਸ ਮੌਕੇ ਨੂੰ ਗਵਾਉਣਾ ਨਹੀਂ ਚਾਹੀਦਾ ਅਤੇ ਜਗਤਾਰ ਸਿੰਘ ਹਵਾਰੇ ਨੂੰ ਆਪਣੀ ਮਾਤਾ ਜੀ ਨਾਲ ਮਿਲਣ ਦਾ ਮੌਕਾ ਜ਼ਰੂਰ ਮਿਲਣਾ ਚਾਹੀਦਾ ਹੈ। ਉਨ੍ਹਾਂ ਸੰਗਤ ਨੂੰ ਇਹ ਵੀ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਦਿੱਤੇ ਪੈਰੋਲ ਦੇ ਸਮੇਂ ਵਿੱਚ ਆਮ ਤੌਰ 'ਤੇ ਰਸਤੇ ਦੇ ਆਉਣ-ਜਾਣ ਦਾ ਸਮਾਂ ਸ਼ਾਮਲ ਨਹੀਂ ਕੀਤਾ ਜਾਂਦਾ। ਉਨ੍ਹਾਂ ਪੰਜਾਬ ਦੀਆਂ ਸਮੂਹ ਪੰਥਕ ਜਥੇਬੰਦੀਆਂ ਨੂੰ ਸਖ਼ਤ ਅਤੇ ਸਪੱਸ਼ਟ ਅਪੀਲ ਕਰਦਿਆਂ ਕਿਹਾ ਕਿ ਆਪਸੀ ਵਖਰੇਵੇਂ, ਧੜੇਬੰਦੀ ਅਤੇ ਨਿੱਜੀ ਰਾਜਨੀਤੀ ਨੂੰ ਪਾਸੇ ਰੱਖ ਕੇ ਇੱਕ ਮੰਚ 'ਤੇ ਇਕੱਠੀਆਂ ਹੋਣ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਸਾਂਝੀ ਮੁਲਾਕਾਤ ਕਰਨ।

ਭਾਈ ਭਿਉਰੇ ਨੇ ਕਿਹਾ ਕਿ "ਜੇ ਪੰਥਕ ਜਥੇਬੰਦੀਆਂ ਇਕੱਠੀਆਂ ਹੋ ਕੇ ਗੰਭੀਰਤਾ ਨਾਲ ਸਰਕਾਰ ਨਾਲ ਗੱਲ ਕਰਨ ਤਾਂ ਬੰਦੀ ਸਿੰਘਾਂ ਦੀ ਰਿਹਾਈ ਅਤੇ ਹੋਰ ਪੰਥਕ ਮਸਲਿਆਂ ਦੇ ਹੱਲ ਲਈ ਰਾਹ ਜ਼ਰੂਰ ਨਿਕਲ ਸਕਦਾ ਹੈ। ਸਰਕਾਰ ਨਾਲ ਗੱਲਬਾਤ ਕਰਨਾ ਕਮਜ਼ੋਰੀ ਨਹੀਂ, ਸਗੋਂ ਪੰਥਕ ਮਸਲੇ ਨੂੰ ਨਤੀਜੇ ਤੱਕ ਲਿਜਾਣ ਦੀ ਰਣਨੀਤੀ ਹੋ ਸਕਦੀ ਹੈ।"

ਉਨ੍ਹਾਂ ਕਿਹਾ ਕਿ ਅੱਜ ਲੋੜ ਫੋਟੋਆਂ ਖਿਚਵਾਉਣ ਦੀ ਨਹੀਂ, ਨਤੀਜਾ ਕੱਢਣ ਦੀ ਹੈ; ਬਿਆਨ ਦੇਣ ਦੀ ਨਹੀਂ, ਇਕੱਠੇ ਹੋ ਕੇ ਫ਼ੈਸਲਾ ਕਰਵਾਉਣ ਦੀ ਹੈ। ਜੇ ਪੰਥਕ ਆਗੂ ਸੱਚਮੁੱਚ ਬੰਦੀ ਸਿੰਘਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਦਰਦ ਨੂੰ ਆਪਣਾ ਦਰਦ ਸਮਝਦੇ ਹਨ ਤਾਂ ਉਹ ਇੱਕਜੁੱਟ ਹੋ ਕੇ ਸਰਕਾਰ ਦੇ ਦਰਵਾਜ਼ੇ 'ਤੇ ਜਾਣ।

"ਤੁਸੀਂ ਇਕੱਠੇ ਹੋ ਕੇ ਤੁਰੋ, ਰਾਹ ਆਪ ਬਣੇਗਾ। ਕਰਤਾਰ ਆਪ ਭਲੀ ਕਰੇਗਾ।"

**-ਅਵਤਾਰ ਸਿੰਘ ਭਿਉਰਾ, ਮੋ. 8076569189**

ਨਾਂਦੇੜ ਸਾਹਿਬ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ

# ਸੁਖਬੀਰ ਸਿੰਘ ਬਾਦਲ ਤੇ ਉੱਪਰ ਹੋਏ ਹਮਲੇ ਦੀ ਨਿੰਦਾ ਕਰਦੇ ਹਾਂ: ਸੁਖਜਿੰਦਰ ਸਿੰਘ ਕਸੇਲ ਤੇ ਪੂਰਨ ਸਿੰਘ ਝਬਾਲ





**ਸਰਾਏ ਅਮਾਨਤ ਖਾਂ, 13 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਆਪਣੇ ਪਰਿਵਾਰ ਸਮੇਤ ਮੱਥਾ ਟੇਕਣ ਗਏ। ਜਦੋਂ ਗੁਰਦੁਆਰਾ ਸਾਹਿਬ ਮਾਤਾ ਸਾਹਿਬ ਦੇਵਾਂ ਜੀ ਦੇ ਕੰਪਲੈਕਸ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਸੀ.ਬੀ.ਆਈ. ਜਾਂਚ ਕਰਵਾਈ ਜਾਵੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਤਰਨਤਾਰਨ ਤੋਂ ਸੀਨੀਅਰ ਆਗੂ ਸੁਖਜਿੰਦਰ ਸਿੰਘ ਕਸੇਲ ,ਪੂਰਨ ਸਿੰਘ ਅੱਡਾ ਝਬਾਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਸੁਖਬੀਰ ਬਾਦਲ 'ਤੇ ਹੋ ਰਹੇ ਹਮਲਿਆਂ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਤੋਂ ਕਰਵਾਈ ਜਾਵੇ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦਾ ਕੋਟਾਨ-ਕੋਟ ਸ਼ੁਕਰਾਨਾ ਹੈ ਕਿ ਸੁਖਬੀਰ ਸਿੰਘ ਬਾਦਲ ਖ਼ਤਰੇ ਤੋਂ ਬਾਹਰ ਹਨ। ਉਨ੍ਹਾਂ ਦੋਸ਼ ਲਾਇਆ ਕਿ 4 ਦਸੰਬਰ ਨੂੰ ਸੁਖਬੀਰ ਬਾਦਲ 'ਤੇ ਹੋਏ ਹਮਲੇ ਸਬੰਧੀ ਪੰਜਾਬ ਪੁਲਸ ਵੱਲੋਂ ਕੋਈ ਢੁਕਵੀਂ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਅੱਜ ਤਖ਼ਤ ਸ੍ਰੀ ਹਜ਼ੂਰ ਸਾਹਿਬ, ਨਾਂਦੇੜ ਵਿਖੇ ਮੁੜ ਹਮਲੇ ਦੀ ਘਟਨਾ ਵਾਪਰੀ ਇਸ ਘਟਨਾ ਦੀ ਨਿੰਦਾ ਕਰਦਿਆਂ ਸੀਨੀਅਰ ਅਕਾਲੀ ਆਗੂ ਸੁਖਜਿੰਦਰ ਸਿੰਘ ਕਸੇਲ, ਸੀਨੀਅਰ ਅਕਾਲੀ ਆਗੂ ਪੂਰਨ ਸਿੰਘ ਅੱਡਾ ਝਬਾਲ, ਸਾਬਕਾ ਚੇਅਰਮੈਨ ਹਰਵੰਤ ਸਿੰਘ ਝਬਾਲ,ਲਿਆਕਤ ਸਿੰਘ ਢੰਡ, ਸਾਬਕਾ ਸਰਪੰਚ ਵਰਿੰਦਰਜੀਤ ਸਿੰਘ ਹੀਰਾਪੁਰ, ਸਰਪੰਚ ਬਲਜਿੰਦਰ ਸਿੰਘ ਕਸੇਲ, ਸੂਬੇਦਾਰ ਜਗਰੂਪ ਸਿੰਘ ਕਸੇਲ,ਮਾ ਬਿਕਰਮਜੀਤ ਸਿੰਘ ਢੰਡ, ਸਾਬਕਾ ਸਰਪੰਚ ਨਿਰਮਲ ਸਿੰਘ ਹਰਬੰਸਪੁਰਾ, ਸਾਬਕਾ ਸਰਪੰਚ ਪਰਮਜੀਤ ਸਿੰਘ ਕਸੇਲ ਹਵੇਲੀਆਂ, ਸਾਬਕਾ ਸਰਪੰਚ ਬਲਜੀਤ ਸਿੰਘ ਛਿੱਛਰੇਵਾਲ, ਸਾਬਕਾ ਸਰਪੰਚ ਹਰਦੀਪ ਸਿੰਘ, ਮੈਂਬਰ ਦਲਬੀਰ ਸਿੰਘ ਕਸੇਲ, ਮਨਜਿੰਦਰ ਸਿੰਘ ਬਘਿਆੜੀ, ਮੈਂਬਰ ਖਜਾਨ ਸਿੰਘ ਕਸੇਲ, ਆਗੂਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਸੁਖਬੀਰ ਬਾਦਲ 'ਤੇ ਹੋਏ ਹਮਲਿਆਂ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਸੁਰੱਖਿਆ ਨੂੰ ਹੋਰ ਮਜ਼ਬੂਤ ਕੀਤਾ ਜਾਵੇ।

# ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਸਾਉਣ ਦੇ ਮਹੀਨੇ ਦੀ ਆਮਦ ਤੇ ਲਗਾਏ ਪੌਦੇ—ਗਾਬੜੀਆ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਵਾਤਾਵਰਨ ਦੀ ਸ਼ੁੱਧਤਾ ਅਤੇ ਹਰਿਆਵਲ ਨੂੰ ਬੜ੍ਹਾਵਾ ਦੇਣ ਦੇ ਮਨੋਰਥ ਨਾਲ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਵੱਲੋਂ ਸਾਉਣ ਦੇ ਮਹੀਨੇ ਦੀ ਆਮਦ ਤੇ ਜ਼ਿਲ੍ਹਾ ਕਚਹਿਰੀ ਫਿਰੋਜ਼ਪੁਰ ਵਿਖੇ ਇੱਕ ਵਿਸ਼ੇਸ਼ ਪੌਦੇ ਲਗਾਉਣ ਦਾ ਪ੍ਰੋਗਰਾਮ ਉਲੀਕਿਆ ਗਿਆ। ਇਸ ਦੌਰਾਨ ਸੋਸਾਇਟੀ ਵੱਲੋਂ ਜ਼ਿਲ੍ਹਾ ਕਚਹਿਰੀ ਪਰਿਸਰ ਵਿੱਚ ਵੱਖ—ਵੱਖ ਕਿਸਮ ਦੇ ਛਾਂਦਾਰ ਅਤੇ ਫ਼ਲਦਾਰ ਪੌਦੇ ਲਾਏ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਨੇ ਦੱਸਿਆ ਕਿ ਸਾਉਣ ਦਾ ਮਹੀਨਾ ਪੌਦੇ ਲਾਉਣ ਲਈ ਸਭ ਤੋਂ ਅਨੁਕੂਲ ਸਮਾਂ ਹੁੰਦਾ ਹੈ ਕਿਉਂਕਿ ਇਸ ਸਮੇਂ ਲਗਾਏ ਗਏ ਪੌਦਿਆਂ ਦੇ ਵੱਡੇ ਹੋਣ ਦੀ ਸੰਭਾਵਨਾ ਸਭ ਤੋਂ ਵੱਧ ਹੁੰਦੀ ਹੈ। ਇਸ ਪ੍ਰੋਗਰਾਮ ਵਿੱਚ ਕਚਹਿਰੀ ਦੇ ਵਕੀਲ ਸਾਹਿਬਾਨ ਅਤੇ ਸਥਾਨਿਕ ਸਮਾਜ਼ ਸੇਵੀ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸੋਸਾਇਟੀ ਵੱਲੋਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਗਈ ਉਹ ਖ਼ਾਸ ਦਿਨਾਂ ਤੇ ਘੱਟੋ—ਘੱਟ ਇੱਕ ਪੌਦਾ ਜਰੂਰ ਲਗਾਉਣ। ਇਸ ਸਮੇ ਪ੍ਰਧਾਨ ਬਾਰ ਕੌਂਸਲ ਐਡਵੋਕੇਟ ਲਵਪ੍ਰੀਤ ਸਿੰਘ ਟੁਰਾਨਾ, ਐਡਵੋਕੇਟ ਅਸ਼ੀਸ਼ ਕੁਮਾਰ ਸ਼ਰਮਾ, ਐਡਵੋਕੇਟ ਸ਼ਾਮ ਲਾਲ ਭੰਡਾਰੀ, ਭਗਵਾਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ ਉਗੇ ਸਮਾਜ਼ ਸੇਵਕ ਰਿਟਾਇਰਡ ਡੀਐਸਪੀ ਗੋਪਾਲ ਚੰਦ ਭੰਡਾਰੀ, ਅਮਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਬੱਗਾ ਹਰੀਸ਼ ਕੁਮਾਰ ਵੀ ਹਾਜ਼ਰ ਸਨ।

# ਕਾਂਗਰਸੀ ਨੇਤਾ ਗੁਰਚਰਨ ਸਿੰਘ ਨਹਾਰ ਨੇ ਦੇਸ਼ ਵਾਸੀਆਂ ਨੂੰ ਆਜ਼ਾਦੀ ਦਿਹਾੜੇ ਦੀ ਦਿੱਤੀ ਵਧਾਈ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਇਲਾਕੇ ਵਿਚ ਵਿਚਰ ਕੇ ਲੋਕਾਂ ਦੀਆਂ ਦੁੱਖ—ਤਕਲੀਫਾਂ ਵਿਚ ਸ਼ਰੀਕ ਹੁੰਦੇ ਆ ਰਹੇ ਗੁਰਚਰਨ ਸਿੰਘ ਨਾਹਰ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਅਤੇ ਵਾਈਸ ਪ੍ਰਧਾਨ ਐਸ.ਸੀ. ਵਿੰਗ ਪੰਜਾਬ ਨੇ ਆਜ਼ਾਦੀ ਦਿਹਾੜੇ ਦੇ ਸ਼ੁਭ ਅਵਸਰ ਤੇ ਸਮੂਹ ਦੇਸ਼ ਵਾਸੀਆਂ ਨੂੰ ਹਾਰਦਿਕ ਮੁਬਾਰਕਬਾਦ ਅਤੇ ਲੱਖ—ਲੱਖ ਵਧਾਈਆਂ ਦਿੰਦਿਆਂ ਸਮੂਹ ਲੋਕਾਈ ਦੀ ਚੜ੍ਹਦੀ ਕਲਾਂ ਦੀ ਕਾਮਨਾ ਕੀਤੀ। ਆਪਣੇ ਵਿਸ਼ੇਸ਼ ਸੰਦੇਸ਼ ਵਿੱਚ ਉਨ੍ਹਾਂ ਆਜ਼ਾਦੀ ਦੇ ਮਹੱਤਵ ਤੇ ਚਾਨਣਾ ਪਾਉਂਦਿਆਂ ਕਿਹਾ ਕਿ 15 ਅਗਸਤ 1947 ਦਾ ਦਿਨ ਸਾਡੇ ਦੇਸ਼ ਦੇ ਇਤਿਹਾਸ ਵਿੱਚ ਸੁਨਹਿਰੀ ਅੱਖਰਾਂ ਵਿੱਚ ਦਰਜ ਹੈ। ਇਸ ਦਿਨ ਸਾਡਾ ਦੇਸ਼ ਆਜ਼ਾਦ ਹੋਇਆ ਸੀ ਅਤੇ ਸਾਨੂੰ ਗੁਲਾਮੀ ਦੀਆਂ ਜੰਜੀਰਾਂ ਤੋਂ ਮੁਕਤੀ ਮਿਲੀ ਸੀ। ਉਨ੍ਹਾਂ ਕਿਹਾ ਕਿ ਇਹ ਆਜ਼ਾਦੀ ਸਾਨੂੰ ਆਸਾਨੀ ਨਾਲ ਨਹੀਂ ਮਿਲੀ, ਸਗੋਂ ਇਸ ਦੇ ਪਿੱਛੇ ਸਾਡੇ ਦੇਸ਼ ਦੇ ਮਹਾਨ ਸ਼ਹੀਦਾਂ, ਸੂਰਬੀਰਾਂ ਅਤੇ ਆਜ਼ਾਦੀ ਘੁਲਾਟੀਆਂ ਦੀਆਂ ਅਣਗਿਣਤ ਕੁਰਬਾਨੀਆਂ, ਸੰਘਰਸ਼ ਅਤੇ ਤਿਆਗ ਛੁਪਿਆ ਹੋਇਆ ਹੈ। ਗੱਲਬਾਤ ਕਰਦਿਆਂ ਸ੍ਰੀ ਨਾਹਰ ਨੇ ਅੱਗੇ ਕਿਹਾ ਕਿ ਅੱਜ ਦੇ ਦਿਨ ਸਾਨੂੰ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸਰਧਾਂਜਲੀ ਭੇਂਟ ਕਰਦਿਆਂ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲਣ ਦਾ ਪ੍ਰਣ ਲੈਣਾ ਚਾਹੀਦਾ ਹੈ। ਇਸ ਇਤਿਹਾਸਕ ਅਤੇ ਪਵਿੱਤਰ ਦਿਹਾੜੇ ਤੇ ਉਨ੍ਹਾਂ ਨੇ ਸਾਰਿਆਂ ਨੂੰ ਆਪਸੀ ਭਾਈਚਾਰਾ, ਅਮਨ ਸ਼ਾਂਤੀ ਅਤੇ ਏਕਤਾ ਬਣਾਏ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਆਸ ਪ੍ਰਗਟਾਈ ਕਿ ਸਾਡਾ ਦੇਸ਼ ਦਿਨ—ਬ—ਦਿਨ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਨੂੰ ਛੂਹੇਗਾ।

# ਅਜ਼ਾਦੀ ਦਿਹਾੜੇ ਮੌਕੇ ਵਰਦਾਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ ਨੇ ਦੇਸ਼ ਵਾਸੀਆਂ ਨੂੰ ਦਿੱਤੀਆਂ ਵਧਾਈਆਂ, ਮਹਾਨ ਸ਼ਹੀਦਾਂ ਅਤੇ ਕੁਰਬਾਨੀਆਂ ਨੂੰ ਕੀਤਾ ਯਾਦ, ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣਾਏ ਰੱਖਣ ਦੀ ਕੀਤੀ ਅਪੀਲ



ਫ਼ਿਰੋਜ਼ਪੁਰ, 13 ਅਗਸਤ (ਮਨੋਹਰ ਲਾਲ) :— ਦੇਸ਼ ਦੇ ਅਜ਼ਾਦੀ ਦਿਹਾੜੇ ਦੀ ਖੁਸ਼ੀ ਦੇ ਮੌਕੇ ਤੇ ਵਰਦਾਨ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਅਸ਼ੋਕ ਸੇਤੀਆ ਨੇ ਸਮੂਹ ਦੇਸ਼ ਵਾਸੀਆਂ ਨੂੰ 15 ਅਗਸਤ 1947 ਨੂੰ ਦੇਸ਼ ਅਜ਼ਾਦ ਹੋਣ ਦੀਆਂ ਲੱਖ—ਲੱਖ ਵਧਾਈਆਂ ਦਿੱਤੀਆਂ ਹਨ। ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਧਾਨ ਅਸ਼ੋਕ ਸੇਤੀਆ ਨੇ ਕਿਹਾ ਕਿ ਅੱਜ ਅਸੀਂ ਜਿਸ ਖੁੱਲ੍ਹੀ ਅਤੇ ਅਜ਼ਾਦ ਫਿਜ਼ਾ ਵਿੱਚ ਸਾਹ ਲੈ ਰਹੇ ਹਾਂ ਅਤੇ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ, ਇਹ ਅਜ਼ਾਦੀ ਸਾਨੂੰ ਆਸਾਨੀ ਨਾਲ ਨਹੀਂ ਮਿਲੀ। ਇਸ ਦੇ ਪਿੱਛੇ ਸਾਡੇ ਦੇਸ਼ ਦੇ ਲੱਖਾਂ ਦੇਸ਼ ਭਗਤਾਂ, ਕ੍ਰਾਂਤੀਕਾਰੀਆਂ ਅਤੇ ਅਜ਼ਾਦੀ ਘੁਲਾਟੀਆਂ ਦੀਆਂ ਅਤੁਲ ਨਾਪ੍ਰਾਪਤ ਕੁਰਬਾਨੀਆਂ, ਸੰਘਰਸ਼ ਅਤੇ ਸ਼ਹਾਦਤਾਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸਾਡਾ ਸਾਰਿਆਂ ਦਾ ਇਹ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖੀਏ ਅਤੇ ਉਨ੍ਹਾਂ ਦੇ ਦਰਸਾਏ ਹੋਏ ਮਾਰਗ ਤੇ ਚੱਲੀਏ। ਦੇਸ਼ ਦੀ ਅਖੰਡਤਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਕਾਇਮ ਰੱਖਣਾ ਹੀ ਸਾਡੇ ਵੱਲੋਂ ਉਨ੍ਹਾਂ ਮਹਾਨ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਬੋਲਦਿਆਂ ਅਸ਼ੋਕ ਸੇਤੀਆ ਨੇ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੀ ਤਰੱਕੀ, ਸਮਾਜ ਸੇਵਾ ਅਤੇ ਭਲਾਈ ਦੇ ਕਾਰਜਾਂ ਵਿੱਚ ਵੱਧ—ਚੜ੍ਹ ਕੇ ਹਿੱਸਾ ਲੈਣ ਤਾਂ ਜੋ ਸਾਡਾ ਦੇਸ਼ ਹੋਰ ਬੁਲੰਦੀਆਂ ਤੇ ਪਹੁੰਚ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਸਿੱਖ ਕੌਮ ਦੀ ਮਹਾਨ ਹਸਤੀ ਸਿੱਖ ਕੌਮ ਦੀ ਡਿੱਗੀ ਪੱਗ ਸਿਰ ਤੇ ਰੱਖਣ ਲਈ ਅਖੌਤੀ ਨਿਰੰਕਾਰੀ ਗੁਰਬਚਨੇ ਨੂੰ ਸੋਧਾ ਲਾ ਲੰਬਾ ਸਮਾਂ ਜੇਲ੍ਹ ਦੀ ਕਾਲ ਕੋਠੜੀ ਵਿੱਚ ਆਪਣੀ ਜਿੰਦਗੀ ਕੌਮ ਲੇਖੇ ਲਾਉਣ ਵਾਲੇ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਕੌਮ ਦੀ ਮਾਇਆ ਨਾਜ ਹਸਤੀ ਭਾਈ ਰਣਜੀਤ ਸਿੰਘ ਜੀ ਖਾਲਸਾ ਜੋ ਸਿੱਖੀ ਦੇ ਪ੍ਰਚਾਰ ਅਤੇ ਪੰਥਕ ਮਸਲਿਆਂ ਤੋਂ ਕੌਮ ਨੂੰ ਜਾਗ੍ਰਿਤ ਕਰਨ ਯੂਰੋਪ ਦੇ ਵੱਖ ਵੱਖ ਦੇਸ਼ਾਂ ਫਰਾਂਸ. ਜਰਮਨੀ. ਇਟਲੀ. ਬੈਲਜੀਆਮ ਤੋਂ ਹੁੰਦੇ ਹੋਏ ਦਸਮੇਸ਼ ਸਿੱਖ ਅਕੈਡਮੀ ਫਰਾਂਸ ਵਿੱਚ ਜੋ ਜਥੇਦਾਰ ਭਾਈ ਗੁਰਦਿਆਲ ਸਿੰਘ ਖਾਲਸਾ ਵਲੋਂ ਹਰ ਸਾਲ ਸਿੱਖ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਸੰਗਤਾਂ ਦੇ ਸਹਿਯੋਗ ਗੁਰਮਤਿ ਕੈਂਪ ਲਗਾਇਆ ਜਾਂਦਾ ਹੈ ਜੋ ਇਸ ਸਾਲ ਵੀ 3ਅਗਸਤ ਤੋਂ ਚਲ ਰਿਹਾ ਹੈ ਜਿਸ ਵਿੱਚ ਬੈਲਜੀਆਮ. ਹੋਲੈਂਡ. ਇਟਲੀ.ਫਰਾਂਸ ਤੇ ਹੋਰ ਦੇਸ਼ਾਂ ਤੋ ਸਿੱਖ ਬੱਚੇ ਭਾਗ ਲੈ ਰਹੇ ਹਨ ਉਹਨਾਂ ਬੱਚਿਆਂ ਨੂੰ ਉਤਸਾਹਿਤ ਕਰਨ 12ਅਗਸਤ ਨੂੰ ਫਰਾਂਸ ਦੀ ਧਰਤੀ ਤੇ ਪਹੁੰਚੇ ਪੈਰਿਸ ਪਹੁੰਚਣ ਤੇ ਸੰਗਤਾਂ ਵਲੋਂ ਜਥੇਦਾਰ ਜੀ ਨੂੰ ਜੀ ਆਇਆ ਆਖਿਆ ਅਤੇ ਨਿੱਘਾ ਸਵਾਗਤ ਕੀਤਾ ਗਿਆ ਜਥੇਦਾਰ ਜੀ ਫਰਾਂਸ ਦੇ ਵੱਖ ਵੱਖ ਗੁਰੂ ਘਰਾਂ ਵਿੱਚ ਸੰਗਤਾਂ ਨੂੰ ਸੰਬੋਧਨ ਕਰਨਗੇ ਤੇ ਸ਼ਨੀਵਾਰ ਨੂੰ ਬੱਚਿਆਂ ਨੂੰ ਕੈਂਪ ਵਿੱਚ ਇਨਾਮ ਵੰਡ ਕਰਨਗੇ।



### ਸੰਤ ਬਾਬਾ ਅਤਰ ਸਿੰਘ ਦੇ ਜਨਮ ਅਸਥਾਨ 'ਤੇ

# 'ਕੌਰਨਾਮਾ-3' ਸ਼ਹੀਦ ਬੀਬੀਆਂ ਦੇ ਵਾਰਸਾਂ ਨੂੰ ਕੀਤੀਆਂ ਭੇਂਟ



ਆਵਾਜ਼ਿ ਕੌਮ AWAZE QAUM International Newspaper & WEB TV

ਨਵੀਂ ਦਿੱਲੀ, 13 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਤੀਜਾ ਘੱਲੂਘਾਰਾ ਜੂਨ 1984 'ਚ ਸ੍ਰੀ ਦਰਬਾਰ ਸਾਹਿਬ 'ਤੇ ਇੰਡੀਆਂ ਸਟੇਟ ਦੇ ਹਮਲੇ ਵੇਲੇ ਇਤਿਹਾਸਕ ਧਰਤੀ ਚੀਮਾ ਮੰਡੀ ਦੀਆਂ ਸ਼ਹੀਦ ਹੋਈਆਂ ਪੰਜ ਬੀਬੀਆਂ ਦੇ ਪਰਿਵਾਰਾਂ ਨੂੰ ਕਿਤਾਬ 'ਕੌਰਨਾਮਾ-3' ਦੀਆਂ ਕਾਪੀਆਂ ਗੁਰਦੁਆਰਾ ਸੰਤ ਬਾਬਾ ਅਤਰ ਸਿੰਘ ਮਸਤੂਆਣਾ ਦੇ ਜਨਮ ਅਸਥਾਨ ਚੀਮਾ ਮੰਡੀ ਵਿਖੇ ਸ਼ਹੀਦ ਬੀਬੀਆਂ ਦੇ ਵਾਰਸਾਂ ਨੂੰ ਜਨਮ ਸਥਾਨ ਦੇ ਮੁੱਖ ਸੇਵਾਦਾਰ ਬਾਬਾ ਜਗਜੀਤ ਸਿੰਘ ਕਾਕਾ ਵੀਰ ਜੀ, ਭਾਈ ਗੁਰਜੀਤ ਸਿੰਘ ਦੁੱਗ, ਭਾਈ ਹਰਜਿੰਦਰ ਸਿੰਘ ਲੌਂਗੋਵਾਲ, ਬਾਬਾ ਭੋਲਾ ਸਿੰਘ ਬੂਰੇ, ਭਾਈ ਅੰਗਰੇਜ ਸਿੰਘ ਚੀਮਾ ਸਾਹਿਬ ਵੱਲੋਂ ਭੇਂਟ ਕੀਤੀਆਂ ਗਈਆਂ। ਜ਼ਿਕਰਯੋਗ ਹੈ ਕਿ 'ਕੌਰਨਾਮਾ-3' 'ਚ ਜੂਨ ਚੁਰਾਸੀ 'ਚ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਹੀਦ ਹੋਈਆਂ ਬੀਬੀਆਂ ਦੀ ਗਾਥਾ ਹੈ, ਜਿਸ ਦੇ ਲੇਖਕ ਬਲਜਿੰਦਰ ਸਿੰਘ ਕੋਟਭਾਰਾ ਹਨ। ਮੱਸਿਆ ਦੇ ਦਿਹਾੜੇ ਦੀ ਸਮਾਪਤੀ ਬਾਅਦ ਸ਼ਹੀਦ ਬੀਬੀਆਂ ਦੇ ਪਰਿਵਾਰਕ ਮੈਂਬਰਾਂ ਸ਼ਹੀਦ ਮਾਤਾ ਸਵਿੱਤਰੀ ਉਰਫ ਸਵਿੱਤਰ ਕੌਰ ਦੇ ਪੋਤੇ ਕਮਲਪ੍ਰੀਤ ਸਿੰਘ, ਸ਼ਹੀਦ ਮਾਤਾ ਸੁਰਜੀਤ ਕੌਰ ਦੇ ਪੁੱਤਰ ਭਾਈ ਬਲਜਿੰਦਰ ਸਿੰਘ, ਭਾਈ ਭੂਰਾ ਸਿੰਘ, ਸ਼ਹੀਦ ਮਾਤਾ ਕਾਕੋ ਕੌਰ ਦਾ ਪੋਤਾ ਗੁਰਸੇਵਕ ਸਿੰਘ, ਸ਼ਹੀਦ ਮਾਤਾ ਕਰਤਾਰ ਕੌਰ, ਜਿੰਨਾਂ ਦਾ ਸੱਤ ਸਾਲ ਦੀ ਉਮਰ ਦਾ ਦੋਹਤਾ ਭੁਪਿੰਦਰ ਸਿੰਘ ਵੀ ਨਾਲ ਹੀ ਸ਼ਹੀਦ ਹੋ ਗਏ ਸਨ, ਦੇ ਪੋਤਾ ਨਰਿੰਦਰ ਸਿੰਘ ਤੇ ਸ਼ਹੀਦ ਬੀਬੀ ਪਰਮਜੀਤ ਕੌਰ ਦੇ ਭਰਾ ਭਾਈ ਸੁਖਪਾਲ ਸਿੰਘ ਸੁੱਖਾ ਨੂੰ ਕਿਤਾਬ 'ਕੌਰਨਾਮਾ-3' ਤੇ ਗੁਰਦੁਆਰਾ ਸਾਹਿਬ ਵੱਲੋਂ ਚਿੱਟੇ ਸਾਉਲਾਂ ਨਾਲ ਸਨਮਾਨਤ ਕੀਤਾ ਗਿਆ। ਸ਼ਹੀਦ ਬੀਬੀ ਪਰਮਜੀਤ ਕੌਰ ਦੀ ਮਾਤਾ, ਜਿਸ ਦੀ ਹਮਲੇ 'ਚ ਲੱਤ ਕੱਟੀ ਗਈ ਸੀ ਤੇ ਜੋ ਗੁਰਦੁਆਰਾ ਸਾਹਿਬ 'ਚ ਸੇਵਾ ਕਰਦੀ ਹੈ, ਨੂੰ ਵੀ ਲੰਗਰ ਹਾਲ 'ਚ ਪੁੱਜ ਕੇ ਵਿਸ਼ੇਸ਼ ਤੌਰ 'ਤੇ ਬਾਬਾ ਭੋਲਾ ਸਿੰਘ ਬੂਰਾ ਨੇ ਸਾਉਲ ਨਾਲ ਨਿਵਾਜਿਆ। ਇਸ ਮੌਕੇ ਉਕਤ ਸੇਵਾਦਾਰਾਂ ਨੇ ਸ਼ਾਰੀਆਂ ਸ਼ਹੀਦ ਬੀਬੀਆਂ ਦੇ ਨਾਮ ਤੇ ਤਸਵੀਰਾਂ ਗੁਰਦੁਆਰਾ ਸਾਹਿਬ ਦੇ ਲੰਗਰ ਹਾਲ 'ਚ ਲਾਉਣ ਦਾ ਵਾਅਦਾ ਵੀ ਕੀਤਾ।

**ਜੂਨ '84 ਸ੍ਰੀ ਦਰਬਾਰ ਸਾਹਿਬ 'ਚ ਚੀਮਾ ਮੰਡੀ ਦੀਆਂ ਪੰਜ ਬੀਬੀਆਂ ਹੋਈਆਂ ਸਨ ਸ਼ਹੀਦ**

### ਨੇਕਸਸ ਅੰਮ੍ਰਿਤਸਰ ਵਿੱਚ

# 'ਜੌਏ ਆਫ ਫ੍ਰੀਡਮ' ਸੇਲ ਨਾਲ ਆਜ਼ਾਦੀ ਦਾ ਜਸ਼ਨ




ਆਵਾਜ਼ਿ ਕੌਮ AWAZE QAUM International Newspaper & WEB TV

**ਚੌਕ ਮਹਿਤਾ, 13 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅਗਸਤ 2026: ਆਜ਼ਾਦੀ ਦਿਵਸ ਦੇ ਮੌਕੇ 'ਤੇ ਨੇਕਸਸ ਅੰਮ੍ਰਿਤਸਰ 'ਜੌਏ ਆਫ ਫ੍ਰੀਡਮ ਸੇਲ' ਦੇ ਨਾਲ ਆਜ਼ਾਦੀ ਦੇ ਜਸ਼ਨ ਨੂੰ ਖਾਸ ਬਣਾ ਰਿਹਾ ਹੈ। ਇਹ ਵਿਸ਼ੇਸ਼ ਸੇਲ 14 ਤੋਂ 16 ਅਗਸਤ ਤੱਕ ਚੱਲੇਗੀ। ਇਸ ਦੌਰਾਨ ਗਾਹਕਾਂ ਨੂੰ ਪ੍ਰਮੁੱਖ ਫੈਸ਼ਨ, ਲਾਈਫਸਟਾਈਲ ਅਤੇ ਇਲੈਕਟ੍ਰਾਨਿਕਸ ਬ੍ਰਾਂਡਾਂ 'ਤੇ ਫਲੈਟ 50 ਫੀਸਦੀ ਤੱਕ ਦੀ ਛੋਟ ਦਾ ਲਾਭ ਮਿਲੇਗਾ। ਇਸ ਸੇਲ ਵਿੱਚ ਸ਼ਾਪਰਜ਼ ਸਟਾਪ, ਮਾਰਕਸ ਐਂਡ ਸਪੈਂਸਰ, ਐਚਐਂਡਐਮ, ਮੈਂਗੋ, ਬੀਬਾ, ਓਨਲੀ, ਵੈਰੋ ਮੋਡਾ ਅਤੇ ਮੈਕਸ ਸਮੇਤ ਕਈ ਲੋਕਪ੍ਰਿਯ ਬ੍ਰਾਂਡ ਸ਼ਾਮਲ ਹਨ। ਗਾਹਕ ਆਪਣੇ ਮਨਪਸੰਦ ਕੱਪੜੇ, ਲਾਈਫਸਟਾਈਲ ਉਤਪਾਦ ਅਤੇ ਹੋਰ ਸਮਾਨ ਆਕਰਸ਼ਕ ਕੀਮਤਾਂ 'ਤੇ ਖਰੀਦ ਸਕਣਗੇ। ਤਿੰਨ ਦਿਨਾਂ ਤੱਕ ਚੱਲਣ ਵਾਲੀ ਇਹ 'ਜੌਏ ਆਫ ਫ੍ਰੀਡਮ ਸੇਲ' ਗਾਹਕਾਂ ਨੂੰ ਇੱਕੋ ਛੱਤ ਹੇਠ ਕਈ ਪ੍ਰਮੁੱਖ ਬ੍ਰਾਂਡਾਂ 'ਤੇ ਖਾਸ ਆਫਰਾਂ ਅਤੇ ਛੋਟਾਂ ਦਾ ਲਾਭ ਲੈਣ ਦਾ ਮੌਕਾ ਦੇਵੇਗੀ।

# ਸੱਚਖੰਡ ਐਕਸਪ੍ਰੈਸ 12715 'ਚ ਸ਼ਰੇਆਮ ਚੱਲ ਰਿਹਾ ਭਰਿਸ਼ਟਾਚਾਰ



**ਚੌਕ ਮਹਿਤਾ,13 ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਉੱਤਰ ਰੇਲਵੇ ਦੇ ਵਿੱਚ ਇੱਕ ਹੋਰ ਭ੍ਰਿਸਟਾਚਾਰ ਦਾ ਮਾਮਲਾ ਸਾਹਮਣੇ ਆਇਆ ਹੈ। ਜਿਸ ਵਿੱਚ ਟੀਟੀ ਵੱਲੋਂ ਯਾਤਰੂ ਪਾਸੋਂ ਪੈਸੇ ਲਏ ਗਏ ਪਰ ਉਸ ਨੂੰ ਕੋਈ ਸਰਕਾਰੀ ਰਿਸੀਟ ਨਹੀਂ ਦਿੱਤੀ ਗਈ। ਇਹ ਮਾਮਲਾ ਸਾਹਮਣੇ ਆਇਆ ਹੈ ਮਿਤੀ 12 ਅਗਸਤ ਨੂੰ ਗੱਡੀ ਨੰਬਰ 12715 ਸੱਚਖੰਡ ਐਕਸਪ੍ਰੈਸ ਵਿੱਚ ਤਾਇਨਾਤ ਟੀਟੀ ਨੰਦ ਕਿਸ਼ੋਰ ਵੱਲੋਂ ਇਕ ਯਾਤਰੀ ਜਿਸ ਨੇ ਲੁਧਿਆਣਾ ਤੋਂ ਅੰਮ੍ਰਿਤਸਰ ਆਉਣਾ ਸੀ ।ਜਿਸ ਪਾਸ ਜਰਨਲ ਟਿਕਟ ਮੌਜੂਦ ਸੀ ਉਸ ਨੂੰ ਏਸੀ ਦੇ ਵਿੱਚ ਸੀਟ ਦੇਣ ਦੇ ਬਦਲੇ 200 ਰੁਪਏ ਦੀ ਮੰਗ ਕੀਤੀ ਗਈ। ਜਿਸ ਤਹਿਤ ਯਾਤਰੀ ਵੱਲੋਂ ਟੀਟੀ ਨੰਦ ਕਿਸ਼ੋਰ ਨੂੰ 200 ਰੁਪਏ ਦੇ ਦਿੱਤੇ ਗਏ ਪਰ ਏਨਾ ਪੈਸਿਆਂ ਦੇ ਬਦਲੇ ਉਸ ਯਾਤਰੂ ਨੂੰ ਕੋਈ ਸਰਕਾਰੀ ਰਸੀਦ ਨਹੀਂ ਦਿੱਤੀ ਗਈ। ਇਸ ਸਾਰੇ ਮਾਮਲੇ ਦੇ ਸੰਬੰਧ ਵਿੱਚ ਟਰੇਨ ਦੇ ਟੀਟੀ ਨੰਦ ਕਿਸ਼ੋਰ ਨੂੰ ਜਦੋਂ ਇਸ ਕਰਪਸ਼ਨ ਦੇ ਮਾਮਲੇ ਬਾਰੇ ਪੁੱਛਿਆ ਗਿਆ ਤਾਂ ਉਹ ਕੋਈ ਸਪਸ਼ਟ ਜਵਾਬ ਨਹੀਂ ਦੇ ਸਕੇ ਇਹ ਸਾਰੇ ਮਾਮਲੇ ਦੀ ਜਾਣਕਾਰੀ ਡੀਸੀਐਮ ਫਿਰੋਜ਼ਪੁਰ ਡਿਵੀਜ਼ਨ ਨੂੰ ਭੇਜ ਦਿੱਤੀ ਗਈ ਹੈ। ਹੁਣ ਦੇਖਣਾ ਹੋਵੇਗਾ ਕਿ ਉੱਤਰ ਰੇਲਵੇ ਵਿੱਚ ਲਗਾਤਾਰ ਚਲ ਰਹੇ ਭ੍ਰਿਸ਼ਟਾਚਾਰ ਨੂੰ ਰੋਕਣ ਦੇ ਲਈ ਉੱਚ ਅਧਿਕਾਰੀ ਕਿ ਕਾਰਵਾਈ ਕਰਦੇ ਹਨ

ਆਵਾਜ਼ਿ ਕੌਮ AWAZE QAUM International Newspaper & WEB TV

## ਸੁਖਬੀਰ ਸਿੰਘ ਬਾਦਲ 'ਤੇ ਜਾਨਲੇਵਾ ਹਮਲੇ ਦੀ ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ ਵੱਲੋਂ ਸਖ਼ਤ ਨਿਖੇਧੀ

ਨਵੀਂ ਦਿੱਲੀ, 13 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ ਅਤੇ ਸਮੁੱਚੀ ਕਮੇਟੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਨਾਂਦੇੜ ਸਾਹਿਬ ਵਿਖੇ ਹੋਏ ਜਾਨਲੇਵਾ ਹਮਲੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਗੁਰੂ ਘਰ ਸ਼ਾਂਤੀ, ਸ਼ਰਧਾ ਅਤੇ ਭਾਈਚਾਰੇ ਦੇ ਪਵਿੱਤਰ ਅਸਥਾਨ ਹਨ, ਜਿੱਥੇ ਕਿਸੇ ਵੀ ਤਰ੍ਹਾਂ ਦੀ ਹਿੰਸਾ ਜਾਂ ਜਾਨਲੇਵਾ ਹਮਲੇ ਲਈ ਕੋਈ ਥਾਂ ਨਹੀਂ। ਸਰਦਾਰ ਸੋਹੀ ਨੇ ਕਿਹਾ ਕਿ ਸਿਆਸੀ ਜਾਂ ਹੋਰ ਮੁੱਦਿਆਂ ਨੂੰ ਲੈ ਕੇ ਕਿਸੇ ਵਿਅਕਤੀ ਜਾਂ ਆਗੂ ਨਾਲ ਮਤਭੇਦ ਅਤੇ ਨਾਰਾਜ਼ਗੀ ਹੋ ਸਕਦੀ ਹੈ, ਪਰ ਵਿਰੋਧ ਪ੍ਰਗਟ ਕਰਨ ਲਈ ਹਿੰਸਾ ਦਾ ਰਾਹ ਅਪਣਾਉਣਾ ਕਦਾਚਿਤ ਉਚਿਤ ਨਹੀਂ ਅਤੇ ਲੋਕਤੰਤਰ ਵਿੱਚ ਮਤਭੇਦਾਂ ਦਾ ਹੱਲ ਸੰਵਿਧਾਨਕ ਤੇ ਸ਼ਾਂਤਮਈ ਢੰਗ ਨਾਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਸਿੱਖ ਸਮਾਜ ਲਈ ਚਿੰਤਾ ਦਾ ਵਿਸ਼ਾ ਹਨ ਅਤੇ ਗੁਰਧਾਮਾਂ ਦੀ ਪਵਿੱਤਰਤਾ ਤੇ ਮਰਿਆਦਾ ਕਾਇਮ ਰੱਖਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਤਖ਼ਤ ਸ੍ਰੀ ਪਟਨਾ ਸਾਹਿਬ ਕਮੇਟੀ ਨੇ ਘਟਨਾ ਦੀ ਨਿਰਪੱਖ ਜਾਂਚ ਦੀ ਮੰਗ ਕਰਦਿਆਂ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੀ ਮੁੜ ਵਾਪਰਣ ਤੋਂ ਰੋਕਣ ਲਈ ਢੁਕਵੇਂ ਕਦਮ ਚੁੱਕਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਬੇਰੀਆਂ ਦਾ ਸੇਵਨ ਦਿਲ ਅਤੇ ਮੈਟਾਬੋਲਿਕ ਸਿਹਤ ਲਈ ਲਾਭਦਾਇਕ : ਅਧਿਐਨ



ਚੌਕ ਮਹਿਤਾ 13 ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ): ਇੱਕ ਨਵੇਂ ਮੈਟਾ-ਵਿਸ਼ਲੇਸ਼ਣ ਵਿੱਚ ਸਾਹਮਣੇ ਆਇਆ ਹੈ ਕਿ ਐਂਥੋਸਾਇਨਿਨ ਦੀ ਵੱਧ ਮਾਤਰਾ ਵਿੱਚ ਖਪਤ ਦਿਲ ਨਾਲ ਸਬੰਧਤ ਬਿਮਾਰੀਆਂ, ਦਿਲ ਦੇ ਦੌਰੇ, ਹਾਈ ਬਲੱਡ ਪ੍ਰੈਸ਼ਰ ਅਤੇ ਟਾਈਪ-2 ਸ਼ੂਗਰ ਸਮੇਤ ਕਈ ਮੁੱਖ ਦਿਲ ਅਤੇ ਮੈਟਾਬੋਲਿਕ ਬਿਮਾਰੀਆਂ ਦੇ ਘੱਟ ਖਤਰੇ ਨਾਲ ਜੁੜੀ ਹੋ ਸਕਦੀ ਹੈ। ਇਹ ਅਧਿਐਨ ਹਾਲ ਹੀ ਵਿੱਚ American Journal of Clinical Nutrition ਵਿੱਚ ਪ੍ਰਕਾਸ਼ਿਤ ਹੋਇਆ ਹੈ। ਐਂਥੋਸਾਇਨਿਨ ਕੁਦਰਤੀ ਤੌਰ 'ਤੇ ਪਾਏ ਜਾਣ ਵਾਲੇ ਅਜਿਹੇ ਯੋਗਿਕ ਹਨ, ਜੋ ਕਈ ਫਲਾਂ ਅਤੇ ਸਬਜ਼ੀਆਂ ਨੂੰ ਲਾਲ, ਜਾਮਨੀ ਅਤੇ ਨੀਲਾ ਰੰਗ ਦਿੰਦੇ ਹਨ। ਬੇਰੀਆਂ ਇਨ੍ਹਾਂ ਯੋਗਿਕਾਂ ਦੇ ਚੰਗੇ ਸਰੋਤਾਂ ਵਿੱਚ ਸ਼ਾਮਲ ਹਨ। ਆਮ ਤੌਰ 'ਤੇ ਖਾਧੀਆਂ ਜਾਣ ਵਾਲੀਆਂ ਬੇਰੀਆਂ ਵਿੱਚ ਬਲੂਬੇਰੀ ਵਿੱਚ ਐਂਥੋਸਾਇਨਿਨ ਦੀ ਮਾਤਰਾ ਕਾਫ਼ੀ ਜ਼ਿਆਦਾ ਹੁੰਦੀ ਹੈ। ਟਫਟਸ ਯੂਨੀਵਰਸਿਟੀ ਮੈਡੀਕਲ ਸੈਂਟਰ, ਨੌਰਵਿਚ ਮੈਡੀਕਲ ਸਕੂਲ ਅਤੇ ਕਵੀਨਜ਼ ਯੂਨੀਵਰਸਿਟੀ ਬੈਲਫਾਸਟ ਦੇ ਖੋਜਕਰਤਾਵਾਂ ਨੇ ਸਿਹਤਮੰਦ ਲੋਕਾਂ ਵਿੱਚ ਐਂਥੋਸਾਇਨਿਨ ਦੀ ਖਪਤ ਅਤੇ ਦਿਲ ਤੇ ਮੈਟਾਬੋਲਿਕ ਸਿਹਤ ਵਿਚਕਾਰ ਸਬੰਧ ਨੂੰ ਸਮਝਣ ਲਈ ਇਹ ਪਹਿਲਾ ਸਿਸਟਮੈਟਿਕ ਰਿਵਿਊ ਅਤੇ ਮੈਟਾ-ਵਿਸ਼ਲੇਸ਼ਣ ਕੀਤਾ। ਖੋਜਕਰਤਾਵਾਂ ਨੇ 1946 ਤੋਂ ਸਤੰਬਰ 2024 ਤੱਕ ਪ੍ਰਕਾਸ਼ਿਤ ਖੋਜ ਪੱਤਰਾਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ 27 ਖੋਜ ਪੱਤਰਾਂ ਵਿੱਚ ਸ਼ਾਮਲ 18 ਅਧਿਐਨਾਂ ਦਾ ਵਿਸ਼ਲੇਸ਼ਣ ਕੀਤਾ, ਜਿਨ੍ਹਾਂ ਵਿੱਚ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਲਗਭਗ 1,000 ਤੋਂ 3.70 ਲੱਖ ਤੱਕ ਭਾਗੀਦਾਰ ਸ਼ਾਮਲ ਸਨ। ਵਿਸ਼ਲੇਸ਼ਣ ਵਿੱਚ ਪਾਇਆ ਗਿਆ ਕਿ ਐਂਥੋਸਾਇਨਿਨ ਦੀ ਨਿਯਮਤ ਅਤੇ ਵੱਧ ਖਪਤ ਦਿਲ ਦੀਆਂ ਬਿਮਾਰੀਆਂ, ਦਿਲ ਦੇ ਦੌਰੇ, ਹਾਈ ਬਲੱਡ ਪ੍ਰੈਸ਼ਰ ਅਤੇ ਟਾਈਪ-2 ਸ਼ੂਗਰ ਦੇ ਘੱਟ ਖਤਰੇ ਨਾਲ ਜੁੜੀ ਹੋਈ ਸੀ। ਖੋਜਕਰਤਾਵਾਂ ਨੇ ਸਿਹਤਮੰਦ ਬਾਲਗਾਂ 'ਤੇ ਕੀਤੇ ਗਏ 65 ਰੈਂਡਮਾਈਜ਼ਡ ਕੰਟਰੋਲਡ ਟ੍ਰਾਇਲਾਂ ਦਾ ਵੀ ਵਿਸ਼ਲੇਸ਼ਣ ਕੀਤਾ। ਇਸ ਵਿੱਚ ਪਾਇਆ ਗਿਆ ਕਿ ਰੋਜ਼ਾਨਾ 50 ਮਿਲੀਗ੍ਰਾਮ ਤੱਕ ਐਂਥੋਸਾਇਨਿਨ ਦੀ ਖਪਤ ਬਲੱਡ ਪ੍ਰੈਸ਼ਰ, ਟ੍ਰਾਈਗਲਿਸਰਾਈਡਸ, ਐਚਡੀਐਲ ਕੋਲੈਸਟ੍ਰੋਲ, ਖਾਲੀ ਪੇਟ ਬਲੱਡ ਗਲੂਕੋਜ਼, ਕਮਰ ਦੇ ਘੇਰੇ, ਧਮਣੀਆਂ ਦੀ ਸਿਹਤ ਅਤੇ ਇਨਸੁਲਿਨ ਪੱਧਰ ਵਰਗੇ ਦਿਲ ਅਤੇ ਮੈਟਾਬੋਲਿਕ ਸਿਹਤ ਨਾਲ ਜੁੜੇ ਸੰਕੇਤਾਂ ਵਿੱਚ ਸੁਧਾਰ ਨਾਲ ਸਬੰਧਤ ਸੀ। ਸੰਦਰਭ ਵਜੋਂ, ਲਗਭਗ 50 ਮਿਲੀਗ੍ਰਾਮ ਐਂਥੋਸਾਇਨਿਨ ਕਰੀਬ ਇੱਕ-ਤਿਹਾਈ ਕੱਪ ਬਲੂਬੇਰੀ ਤੋਂ ਪ੍ਰਾਪਤ ਕੀਤਾ ਜਾ ਸਕਦਾ ਹੈ। ਅਧਿਐਨ ਦੀ ਮੁੱਖ ਖੋਜਕਰਤਾ ਅਤੇ ਕਵੀਨਜ਼ ਯੂਨੀਵਰਸਿਟੀ ਬੈਲਫਾਸਟ ਵਿੱਚ ਨਿਊਟ੍ਰੀਸ਼ਨ ਅਤੇ ਪ੍ਰਿਵੈਂਟਿਵ ਮੈਡੀਸਨ ਦੀ ਚੇਅਰ ਐਡਿਨ ਕੈਸਿਡੀ ਨੇ ਕਿਹਾ ਕਿ ਇਹ ਅਧਿਐਨ ਦਰਸਾਉਂਦਾ ਹੈ ਕਿ ਖ਼ੁਰਾਕ ਵਿੱਚ ਕੀਤੇ ਜਾਣ ਵਾਲੇ ਸੌਖੇ ਅਤੇ ਆਸਾਨੀ ਨਾਲ ਅਪਣਾਏ ਜਾ ਸਕਣ ਵਾਲੇ ਬਦਲਾਅ ਦਿਲ ਦੀਆਂ ਬਿਮਾਰੀਆਂ ਅਤੇ ਟਾਈਪ-2 ਸ਼ੂਗਰ ਦੇ ਖਤਰੇ ਨੂੰ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਖੋਜਕਰਤਾਵਾਂ ਅਨੁਸਾਰ, ਇਹ ਅਧਿਐਨ ਦਿਲ ਅਤੇ ਮੈਟਾਬੋਲਿਕ ਸਿਹਤ ਨੂੰ ਬਿਹਤਰ ਬਣਾਈ ਰੱਖਣ ਵਿੱਚ ਬੇਰੀਆਂ ਵਰਗੇ ਖਾਧ ਪਦਾਰਥਾਂ ਵਿੱਚ ਮੌਜੂਦ ਐਂਥੋਸਾਇਨਿਨ ਦੀ ਸੰਭਾਵਿਤ ਭੂਮਿਕਾ ਨਾਲ ਸਬੰਧਤ ਵਧ ਰਹੇ ਵਿਗਿਆਨਕ ਸਬੂਤਾਂ ਨੂੰ ਹੋਰ ਮਜ਼ਬੂਤ ਕਰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243